ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 23 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੯ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ਼ਹੀਦੀ ਹ਼ਫਤਾ (੯ ਪੋਹ)

ਸਿੱਖ ਧਰਮ ਵਿੱਚ 21 ਦਸੰਬਰ ਤੋਂ ਲੈ ਕੇ ਅਗਲਾ ਇੱਕ ਹ਼ਫ਼ਤਾ ਸ਼ਹੀਦੀ ਹ਼ਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹ਼ਫ਼ਤੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹ਼ਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰਾ ਹ਼ਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਰੋਜ਼ਾਨਾ ਦੱਸ ਰਹੇ ਹਾਂ।



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ।

ਆਵਾਜ਼ਿ ਕੌਮ
AWAZE QAUM
International Newspaper & WEB TV

Exclusive News

### ਮਾਸਟਰ ਸਲੀਮ ਦੇ ਪਿਤਾ ਦਾ ਦਿਹਾਂਤ ਨਹੀਂ ਰਹੇ ਪੂਰਨ ਸ਼ਾਹਕੋਟੀ



ਜਲੰਧਰ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬੀ ਲੋਕ ਗਾਇਕੀ ਅਤੇ ਸਾਹਿਤਕ ਜਗਤ ਲਈ ਅੱਜ ਦੁੱਖ ਭਰਾ ਸਮਾਂ ਹੈ। ਪ੍ਰਸਿੱਧ ਗੀਤਕਾਰ ਅਤੇ ਉਸਤਾਦ ਪੂਰਨ ਸ਼ਾਹਕੋਟੀ ਦਾ ਦਿਹਾਂਤ ਹੋ ਗਿਆ ਹੈ। ਉਹ ਕਾਫ਼ੀ ਸਮੇਂ ਤੋਂ ਬੀਮਾਰ ਚੱਲ ਰਹੇ ਸਨ ਅਤੇ ਉਨ੍ਹਾਂ ਨੇ ਆਖ਼ਰੀ ਸਾਹ ਆਪਣੇ ਨਿਵਾਸ ਸਥਾਨ 'ਤੇ ਲਏ। ਉਨ੍ਹਾਂ ਦੇ ਦਿਹਾਂਤ ਦੀ ਖ਼ਬਰ ਨਾਲ ਪੰਜਾਬੀ ਸੰਗੀਤ ਅਤੇ ਸਾਹਿਤਕ ਹਲਕਿਆਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਉਸਤਾਦ ਪੂਰਨ ਸ਼ਾਹਕੋਟੀ ਪੰਜਾਬੀ ਲੋਕਧਾਰਾ ਅਤੇ ਭਾਵਨਾਤਮਕ ਗੀਤਕਲਾ ਦਾ ਇੱਕ ਮਜ਼ਬੂਤ ਸਤੰਭ ਮੰਨੇ ਜਾਂਦੇ ਸਨ। ਉਨ੍ਹਾਂ ਦੇ ਲਿਖੇ ਗੀਤਾਂ ਵਿੱਚ ਮਿੱਟੀ ਦੀ ਖੁਸ਼ਬੂ, ਲੋਕਾਂ ਦੇ ਦੁੱਖ-ਸੁੱਖ ਅਤੇ ਸਮਾਜਿਕ ਸੱਚਾਈ ਸਾਫ਼ ਝਲਕਦੀ ਸੀ। ਕਈ ਪ੍ਰਸਿੱਧ ਗਾਇਕਾਂ ਨੇ ਉਨ੍ਹਾਂ ਦੇ ਲਿਖੇ ਗੀਤ ਗਾਏ, ਜੋ ਅੱਜ ਵੀ ਪੰਜਾਬੀ ਦਰਸ਼ਕਾਂ ਦੇ ਦਿਲਾਂ 'ਚ ਵੱਸਦੇ ਹਨ। ਸਾਹਿਤਕ ਅਤੇ ਸੱਭਿਆਚਾਰਕ ਮੰਚਾਂ 'ਤੇ ਪੂਰਨ ਸ਼ਾਹਕੋਟੀ ਨੂੰ ਇੱਕ ਸੰਵੇਦਨਸ਼ੀਲ ਕਲਮਕਾਰ ਅਤੇ ਗੰਭੀਰ ਸੋਚ ਵਾਲੇ ਰਚਨਹਾਰ ਵਜੋਂ ਜਾਣਿਆ ਜਾਂਦਾ ਸੀ। ਉਨ੍ਹਾਂ ਦੀ ਕਲਮ ਨੇ ਨਾ ਸਿਰਫ਼ ਮਨੋਰੰਜਨ ਦਿੱਤਾ, ਸਗੋਂ ਸਮਾਜ ਨੂੰ ਸੋਚਣ ਲਈ ਵੀ ਮਜਬੂਰ ਕੀਤਾ। ਉਨ੍ਹਾਂ ਦੇ ਪੁੱਤਰ ਮਾਸਟਰ ਸਲੀਮ ਮਸ਼ਹੂਰ ਪੰਜਾਬੀ ਗਾਇਕ ਹਨ। ਉਨ੍ਹਾਂ ਦੇ ਦਿਹਾਂਤ ਨਾਲ ਪੰਜਾਬੀ ਸੰਗੀਤ ਜਗਤ ਨੂੰ ਇਕ ਅਪੂਰਣੀ ਘਾਟ ਪਈ ਹੈ।

### ਫਰੀਦਕੋਟ ਵਿੱਚ ਬਹਿਬਲ ਕਲਾਂ ਅਤੇ ਕੋਟਕਪੂਰਾ ਗੋਲੀਬਾਰੀ ਮਾਮਲਿਆਂ 'ਚ ਨਾਮਜ਼ਦ

# ਸਾਬਕਾ ਆਈ. ਜੀ. ਅਮਰ ਸਿੰਘ ਚਹਿਲ ਨੇ ਖੁਦ ਨੂੰ ਮਾਰੀ ਗੋਲੀ

**ਚੰਡੀਗੜ੍ਹ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਆਈਜੀ ਅਮਰ ਸਿੰਘ ਚਾਹਲ ਨੇ ਸੋਮਵਾਰ ਨੂੰ ਕਥਿਤ ਤੌਰ 'ਤੇ ਜੀਵਨਲੀਲ੍ਹਾ ਸਮਾਪਤ ਕਰਨ ਦੀ ਕੋਸ਼ਿਸ਼ ਵਿੱਚ ਆਪਣੇ ਆਪ ਨੂੰ ਗੋਲੀ ਮਾਰ ਲਈ, ਜਿਸ ਤੋਂ ਬਾਅਦ ਉਹ ਜ਼ਿੰਦਗੀ ਅਤੇ ਮੌਤ ਦੀ ਲੜਾਈ ਲੜ ਰਹੇ ਹਨ। ਉਨ੍ਹਾਂ ਨੂੰ ਪਾਰਕ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਉਨ੍ਹਾਂ ਦੇ ਛਾਤੀ ਵਿੱਚ ਗੋਲੀ ਵੱਜੀ ਦੱਸੀ ਜਾ ਰਹੀ ਹੈ। ਜਾਣਕਾਰੀ ਅਨੁਸਾਰ, ਗੋਲੀ ਮਾਰਨ ਤੋਂ ਪਹਿਲਾਂ ਸਾਬਕਾ ਆਈਜੀ ਨੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੂੰ ਇੱਕ ਆਖਰੀ ਚਿੱਠੀ ਵੀ ਲਿਖੀ। ਪੁਲਿਸ ਨੂੰ ਘਟਨਾ ਸਥਾਨ ਤੋਂ ਇੱਕ 12 ਪੰਨਿਆਂ ਦਾ ਹੱਥ ਨਾਲ ਲਿਖਿਆ ਸੁਸਾਈਡ ਨੋਟ ਵੀ ਬਰਾਮਦ ਹੋਇਆ, ਜਿਸ ਵਿੱਚ ਕਰੋੜਾਂ ਦੇ ਸਾਈਬਰ ਘਪਲੇ ਦੀ ਗੱਲ ਕੀਤੀ ਗਈ ਦੱਸੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਅਨੁਸਾਰ, ਸੁਸਾਈਡ ਨੋਟ ਵਿੱਚ 8.10 ਕਰੋੜ ਰੁਪਏ ਦੀ ਔਨਲਾਈਨ ਧੋਖਾਧੜੀ ਦਾ ਜ਼ਿਕਰ ਹੈ। ਅਮਰ ਸਿੰਘ ਚਾਹਲ ਆਈਜੀ ਦੇ ਅਹੁਦੇ ਤੋਂ ਸੇਵਾਮੁਕਤ ਹੋਣ ਤੋਂ ਬਾਅਦ ਪਟਿਆਲਾ ਵਿੱਚ ਰਹਿ ਰਿਹਾ ਸੀ। ਪਟਿਆਲਾ ਦੇ ਐਸਐਸਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਗੋਲੀਬਾਰੀ ਦੀ ਸੂਚਨਾ ਮਿਲਣ 'ਤੇ ਪੁਲਿਸ ਟੀਮਾਂ ਤੁਰੰਤ ਅਮਰ ਸਿੰਘ ਚਾਹਲ ਦੇ ਘਰ ਪਹੁੰਚੀਆਂ। ਅਮਰ ਸਿੰਘ ਚਾਹਲ 2015 ਵਿੱਚ ਫਰੀਦਕੋਟ ਵਿੱਚ ਬਹਿਬਲ ਕਲਾਂ ਅਤੇ ਕੋਟਕਪੂਰਾ ਗੋਲੀਬਾਰੀ ਮਾਮਲਿਆਂ ਵਿੱਚ ਇੱਕ ਦੋਸ਼ੀ ਹੈ, ਜਿਸ ਵਿੱਚ ਦੋ ਲੋਕ ਮਾਰੇ ਗਏ ਸਨ। 24 ਫਰਵਰੀ, 2023 ਨੂੰ, ਪੰਜਾਬ ਪੁਲਿਸ ਦੀ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਨੇ ਫਰੀਦਕੋਟ ਅਦਾਲਤ ਵਿੱਚ ਚਾਰਜਸ਼ੀਟ ਦਾਇਰ ਕੀਤੀ। ਇਸ ਐਸਆਈਟੀ ਦੀ ਅਗਵਾਈ ਉਸ ਸਮੇਂ ਏਡੀਜੀਪੀ ਐਲਕੇ ਯਾਦਵ ਕਰ ਰਹੇ ਸਨ। ਚਾਰਜਸ਼ੀਟ ਵਿੱਚ ਕਈ ਪ੍ਰਮੁੱਖ ਰਾਜਨੀਤਿਕ ਨੇਤਾਵਾਂ ਅਤੇ ਸੀਨੀਅਰ ਪੁਲਿਸ ਅਧਿਕਾਰੀਆਂ ਦੇ ਨਾਮ ਸ਼ਾਮਲ ਸਨ। ਇਨ੍ਹਾਂ ਵਿੱਚ ਸਾਬਕਾ ਡੀਜੀਪੀ ਸੁਮੇਧ ਸਿੰਘ ਸੈਣੀ, ਆਈਜੀ ਪਰਮਰਾਜ ਸਿੰਘ ਉਮਰਾਨੰਗਲ, ਸਾਬਕਾ ਡੀਆਈਜੀ ਅਮਰ ਸਿੰਘ ਚਾਹਲ, ਸਾਬਕਾ ਐਸਐਸਪੀ ਸੁਖਮਿੰਦਰ ਸਿੰਘ ਮਾਨ ਅਤੇ ਐਸਐਸਪੀ ਚਰਨਜੀਤ ਸਿੰਘ ਸ਼ਰਮਾ ਦਾ ਨਾਂ ਵੀ ਸ਼ਾਮਲ ਹੈ।



### ਨਿੱਜੀ ਹਸਪਤਾਲ ਦੀ ਵੱਡੀ ਅਣਗਹਿਲੀ ! ਜਿਉਂਦਾ ਕੁੜੀ ਨੂੰ ਐਲਾਨਿਆ ਮ੍ਰਿਤਕ

**ਤਰਨ-ਤਾਰਨ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਦੇ ਪਿੰਡ ਰਸੂਲਪੁਰ ਦੇ ਨਿਜੀ ਹਸਪਤਾਲ ਦੀ ਵੱਡੀ ਅਣਗਹਿਲੀ ਸਾਹਮਣੇ ਆਈ ਹੈ ਜਿੱਥੇ ਇੱਕ ਜਿਉਂਦਾ ਕੁੜੀ ਨੂੰ ਮ੍ਰਿਤ ਐਲਾਨ ਦਿੱਤਾ। ਦੱਸ ਦਈਏ ਕਿ ਬੀਤੇ ਦਿਨ ਤਰਨਤਾਰਨ ਦੇ ਪਿੰਡ ਰਸੂਲਪੁਰ ਵਿਖੇ ਸੈਲੂਨ ਤੋਂ ਕੰਮ ਕਰਕੇ ਆਪਣੇ ਪਿੰਡ ਬਨਵਾਲੀਪੁਰ ਪਰਤ ਰਹੀ ਲੜਕੀ ਨਵਰੂਪ ਕੌਰ 'ਤੇ ਗੋਲੀਆਂ ਮਾਰੀਆਂ ਗਈਆਂ ਸੀ ਇਸ ਮਾਮਲੇ 'ਚ ਹੁਣ ਨਵਾਂ ਮੋੜ ਸਾਹਮਣੇ ਆਇਆ ਹੈ। ਦਅਰਸਲ ਪੋਸਟਮਾਰਟਮ ਕਰਨ ਦੌਰਾਨ ਕੁੜੀ ਦੇ ਜਿਉਂਦਾ ਹੋਣ ਦੀ ਜਾਣਕਾਰੀ ਹਾਸਿਲ ਹੋਈ ਹੈ। ਦੱਸ ਦਈਏ ਕਿ ਬੀਤੇ ਦਿਨ ਨਵਰੂਪ ਕੌਰ ਦੇ ਗੋਲੀਆਂ ਲੱਗਣ ਤੋਂ ਬਾਅਦ ਉਸ ਨੂੰ ਨੇੜੇ ਦੇ ਨਿੱਜੀ ਹਸਪਤਾਲ ਲੈ ਜਾਇਆ ਜਾਣ 'ਤੇ ਡਾਕਟਰਾਂ ਵੱਲੋਂ ਮ੍ਰਿਤਕ ਕਰਾਰ ਦੇਣ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੇ ਮੀਡੀਆ ਨੂੰ ਲੜਕੀ ਦੇ ਕਤਲ ਹੋਣ ਦੀ ਜਾਣਕਾਰੀ ਦਿੱਤੀ ਸੀ। ਪਰ ਇਸ ਤੋਂ ਬਾਅਦ ਜਦੋਂ ਲੜਕੀ ਨੂੰ ਸਰਕਾਰੀ ਹਸਪਤਾਲ ਪੋਸਟਮਾਰਟਮ ਲਈ ਲੈ ਜਾਇਆ ਗਿਆ ਤਾਂ ਲੜਕੀ ਦੇ ਸਾਹ ਚੱਲਦੇ ਹੋਣ ਕਾਰਨ ਨਵਰੂਪ ਕੌਰ ਨੂੰ ਡਾਕਟਰਾਂ ਨੇ ਅਮ੍ਰਿਤਸਰ ਦੇ ਸਰਕਾਰੀ ਹਸਪਤਾਲ ਰੈਫਰ ਕਰ ਦਿੱਤਾ। ਜਿੱਥੇ ਹੁਣ ਉਹ ਜਿੰਦਗੀ ਅਤੇ ਮੌਤ ਦੀ ਲੜਾਈ ਲੜ ਰਹੀ ਹੈ। ਨਵਰੂਪ ਕੌਰ ਜ਼ਿੰਦਗੀ ਅਤੇ ਮੌਤ ਦੀ ਲੜਾਈ ਨਵਰੂਪ ਕੌਰ ਦੇ ਸੈਲੂਨ ਮਾਲਕ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਨਿੱਜੀ ਹਸਪਤਾਲ ਦੇ ਡਾਕਟਰਾਂ ਵੱਲੋਂ ਉਸਨੂੰ ਮ੍ਰਿਤ ਐਲਾਨ ਦਿੱਤਾ ਸੀ, ਪਰ ਪੋਸਟਮਾਰਟਮ ਦੌਰਾਨ ਡਾਕਟਰਾਂ ਨੇ ਉਸ ਦੇ ਸਾਹ ਚੱਲਦੇ ਦੇਖਕੇ ਉਸਨੂੰ ਇਲਾਜ ਲਈ ਭੇਜ ਦਿੱਤਾ ਹੈ। ਇਸ ਸਮੇਂ ਲੜਕੀ ਅੰਮ੍ਰਿਤਸਰ ਦੇ ਸਰਕਾਰੀ ਹਸਪਤਾਲ ਸੈਲੂਨ ਮਾਲਕ ਨੇ ਦੱਸਿਆ ਕਿ ਨਵਰੂਪ ਕੌਰ ਦਾ ਪਰਿਵਾਰ ਬਹੁਤ ਗਰੀਬ ਹੈ, ਜਿਸ ਦੇ ਚੱਲਦੇ ਉਨ੍ਹਾਂ ਨੇ ਦਾਨੀ ਸੱਜਣਾਂ ਨੂੰ ਉਸਦੇ ਇਲਾਜ ਲਈ ਮਦਦ ਕਰਨ ਦੇ ਲਈ ਅਪੀਲ ਕੀਤੀ ਹੈ।



# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫ਼ਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ। - ਸਿਮਰਨਜੀਤ ਸਿੰਘ

## 6 ਪੋਹ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

## 7 ਪੋਹ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

## 8 ਪੋਹ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

## 9 ਪੋਹ




**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

## 10 ਪੋਹ



**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

## 11-12 ਪੋਹ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

## 13 ਪੋਹ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••

## 14 ਪੋਹ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ

ਖਾਲਸਾ ਮੈਮੋਰੀਅਲ ਹਸਪਤਾਲ

ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ

ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV





# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'



ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਅਤੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ
350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਦੀ ਯਾਦ ਵਿੱਚ ਤਿੰਨ ਰੋਜ਼ਾ
ਮਹਾਨ ਸ਼ਹੀਦੀ ਸਮਾਗਮ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ
ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੀ ਅਗਵਾਈ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਹਾਲ ਦੀ ਪ੍ਰਬੰਧਕ ਕਮੇਟੀ ਵੱਲੋਂ
ਦਮਦਮੀ ਟਕਸਾਲ ਦੇ ਵਿਦਿਆਰਥੀ, ਨੌਜਵਾਨ ਵੀਰ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ
ਨਾਲ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਦਮਦਮੀ ਟਕਸਾਲ ਦੇ 15ਵੇਂ ਮੁਖੀ ਸੱਚਖੰਡ ਵਾਸੀ
ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ
21ਵੀਂ ਸਾਲਾਨਾ ਬਰਸੀ
ਸੰਗਤਾਂ ਨੂੰ ਬੇਨਤੀ ਹੈ ਕਿ ਇਹਨਾਂ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ।
Address, 2-8 PARK AVENUE GURDWARA SOUTHHALL UB1 3AG
ਵਲੋਂ:-ਸਮੂਹ ਸਾਧ ਸੰਗਤ ਤੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਮੈਂਬਰ
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ
ਆਰੰਭ
22 ਦਸੰਬਰ 2025, ਦਿਨ ਸੋਮਵਾਰ, ਦੁਪਹਿਰ 2 ਵਜੇ
ਭੋਗ
24 ਦਸੰਬਰ 2025, ਦਿਨ ਬੁੱਧਵਾਰ, ਦੁਪਹਿਰ 2 ਵਜੇ




21st ANNUAL BARSI
OF SANT BABA THAKUR SINGH JI KHALSA BHINDRANWALE
&
IN MEMORY OF SAHIBZADE AND MATA GUJAR KAUR JI
3DAY MAHAAN SHAHEEDI SMAGAM
Dedicated To
THE 350TH SHAHEEDI GURPURB OF
SHRI GURU TEGH BAHADUR JI AND BHAI MATI DAS JI
BHAI SATI DAS JI, BHAI DAYALA JI
The Guidance of
SANT GIANI HARNAM SINGH JI KHALSA BHINDRANWALE
Mukhi Damdami Taksal Jatha Bhindra Mehta, Pardhan Sant Samaj
Organised By
MANAGING COMMITTEE AND SAADH SANGAT OF
GURDWARA SHRI GURU SINGH SABHA SOUTHHALL
& STUDENTS OF DAMDAMI TAKSAL
ADDRESS: 2-8 PARK AVENUE GURDWARA SOUTHHALL UB1 3AG
PROGRAM
SHRI AKHAND PATH SAHIB
BEGINING
22 Dec 2025, Monday, 2pm
BHOG
24 Dec 2025, Wednesday, 2pm
From: Samuh Sadh Sangat and SGSS management committee





### ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ

# ਗੁਰਦੁਆਰਾ ਰਾਜੌਰੀ ਗਾਰਡਨ ਅਤੇ ਸਿੱਖ ਯੂਥ ਫਾਊਂਡੇਸ਼ਨ ਵੱਲੋਂ ਸ਼ਹੀਦੀ ਜਾਗਰੂਕਤਾ ਮਾਰਚ

ਨਵੀਂ ਦਿੱਲੀ, 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਯੂਥ ਫਾਊਂਡੇਸ਼ਨ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਵੱਲੋਂ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੀ ਬੇਮਿਸਾਲ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਜਾਗਰੂਕਤਾ ਮਾਰਚ ਦਿੱਲੀ ਦੇ ਰਾਜੌਰੀ ਗਾਰਡਨ ਵਿੱਚ ਕੱਢਿਆ ਗਿਆ। ਇਹ ਮਾਰਚ ਰਾਜੌਰੀ ਗਾਰਡਨ ਮਾਰਕੀਟ ਦੀ ਸ਼ੁਰੂਆਤ ਤੋਂ ਲੈ ਕੇ ਮਾਰਕੀਟ ਦੇ ਅੰਤ ਤੱਕ ਪਹੁੰਚਿਆ। ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਦੇ ਪ੍ਰਧਾਨ ਹਰਮਨਜੀਤ ਸਿੰਘ, ਸਿੱਖ ਯੂਥ ਫਾਊਂਡੇਸ਼ਨ ਦੇ ਹਰਨੀਕ ਸਿੰਘ ਅਤੇ ਉਨ੍ਹਾਂ ਦੀ ਪੂਰੀ ਟੀਮ ਨੇ ਹਾਜ਼ਰੀ ਭਰੀ ਅਤੇ ਬੱਚਿਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ। ਸਰਦਾਰ ਹਰਮਨਜੀਤ ਸਿੰਘ ਨੇ ਕਿਹਾ ਕਿ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੀ ਕੋਈ ਦੂਜੀ ਮਿਸਾਲ ਨਹੀਂ ਮਿਲਦੀ, ਪਰ ਅਫ਼ਸੋਸ ਹੈ ਕਿ ਅਸੀਂ ਅੱਜ ਤੱਕ ਆਪਣਾ ਇਤਿਹਾਸ ਹੋਰਾਂ ਤੱਕ ਢੰਗ ਨਾਲ ਪਹੁੰਚਾਉਣ ਵਿੱਚ ਅਸਫ਼ਲ ਰਹੇ ਹਾਂ। ਹੁਣ ਸੋਸ਼ਲ ਮੀਡੀਆ ਦਾ ਦੌਰ ਹੈ ਅਤੇ ਖ਼ਾਸ ਕਰਕੇ ਨੌਜਵਾਨ ਵੱਡੀ ਗਿਣਤੀ ਵਿੱਚ ਇਸ ਨਾਲ ਜੁੜੇ ਹੋਏ ਹਨ, ਇਸ ਲਈ ਸਾਡੀ ਕੋਸ਼ਿਸ਼ ਹੈ ਕਿ ਵੱਧ ਤੋਂ ਵੱਧ ਲੋਕਾਂ ਤੱਕ ਇਸ ਇਤਿਹਾਸ ਨੂੰ ਪਹੁੰਚਾਇਆ ਜਾਵੇ। ਇਸੇ ਉਦੇਸ਼ ਦੇ ਤਹਿਤ ਸਿੱਖ ਯੂਥ ਫਾਊਂਡੇਸ਼ਨ ਦੇ ਇਸ ਉਪਰਾਲੇ ਦੀ ਗੁਰਦੁਆਰਾ ਸਾਹਿਬ ਦੀ ਪੂਰੀ ਟੀਮ ਨੇ ਸ਼ਲਾਘਾ ਕੀਤੀ ਅਤੇ ਉਨ੍ਹਾਂ ਨਾਲ ਇਸ ਮਿਸ਼ਨ ਵਿੱਚ ਪੂਰਾ ਸਹਿਯੋਗ ਦਿੰਦਿਆਂ ਸ਼ਹੀਦੀ ਜਾਗਰੂਕਤਾ ਮਾਰਚ ਕੱਢਿਆ। ਉਨ੍ਹਾਂ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿੱਚ ਵੀ ਧਰਮ ਪ੍ਰਚਾਰ ਕਮੇਟੀ ਵੱਲੋਂ ਸ਼ਹੀਦੀ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ, ਜਿਨ੍ਹਾਂ ਵਿੱਚ ਪੰਥ ਪ੍ਰਸਿੱਧ ਰਾਗੀ ਜੱਥੇ ਅਤੇ ਪ੍ਰਚਾਰਕ ਹਾਜ਼ਰ ਹੋ ਕੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਇਤਿਹਾਸ ਬਾਰੇ ਸੰਗਤ ਨੂੰ ਜਾਣਕਾਰੀ ਦੇਣਗੇ।

ਆਵਾਜ਼ਿ ਕੌਮ AWAZE QAUM International Newspaper & WEB TV



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਅੰਮ੍ਰਿਤ ਸੰਚਾਰ

## 27 ਦਸੰਬਰ 2025

ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪਰਿਵਾਰ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਹੋਵੇਗਾ

ਸ਼ਨਿੱਚਰਵਾਰ 27 ਦਸੰਬਰ ਬਾਅਦ ਦੁਪਹਿਰ 2 ਵਜੇ ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ।



ਕੱਕਾਰਾ ਦੀ ਸੇਵਾ ਗੁਰਦੁਆਰਾ ਸਾਹਿਬ ਜੀ ਵੱਲੋਂ ਭੇਟਾਂ ਰਹਿਤ ਦਿੱਤੇ ਜਾਣਗੇ।

ਅੰਮ੍ਰਿਤ ਛਕਣ ਵਾਲੀ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ 2 ਘੰਟੇ ਪਹਿਲਾਂ 12 ਵਜੇ ਪਹੁੰਚਣ ਦੀ ਕਿਰਪਾਲਤਾ ਕਰਨੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778





# ਨਹੀਂ ਰਹੇ ਸਿੱਖ ਯੋਧੇ ਸ਼ਹੀਦ ਭਾਈ ਕੁਲਵਿੰਦਰ ਸਿੰਘ ਕਿਡ ਚੀਫ ਜਨਰਲ ਦੁਸ਼ਟ ਸੋਧ ਕਮਾਂਡੋ ਫੋਰਸ ਦੀ ਸਿੰਘਣੀ ਬੀਬੀ ਰਵਿੰਦਰ ਕੌਰ ਸਿੱਧੂ

ਸੰਨ 1989 ਵਿੱਚ ਸ਼ਹੀਦ ਹੋ ਚੁੱਕੇ ਸਿੱਖ ਯੋਧੇ ਭਾਈ ਕੁਲਵਿੰਦਰ ਸਿੰਘ ਕਿੱਡ ਦੀ ਸਿੰਘਣੀ ਬੀਬੀ ਰਵਿੰਦਰ ਕੌਰ ਸਿੱਧੂ ਕਲ੍ਹ ਪਟਿਆਲਾ ਦੇ ਇੱਕ ਪ੍ਰਾਈਵੇਟ ਹਸਪਤਾਲ ਵਿੱਚ ਲੰਬੀ ਬਿਮਾਰੀ ਪਿੱਛੋਂ ਪ੍ਰਲੋਕ ਗਮਨ ਕਰ ਗਏ ਸਨ ਉਹ ਲੰਘੇ ਢਾਈ ਸਾਲਾਂ ਤੋਂ ਮੰਜੇ ਉਤੇ ਪਏ ਸਨ। ਬੀਬੀ ਰਵਿੰਦਰ ਕੌਰ ਦਾ ਅੱਜ ਪਟਿਆਲਾ ਦੇ ਸ਼ਮਸ਼ਾਨ ਘਾਟ ਵਿੱਚ ਸਸਕਾਰ ਕਰ ਦਿੱਤਾ ਗਿਆ ਹੈ। ਕਲ੍ਹ ਨੂੰ ਫੁੱਲਾਂ ਦੀ ਰਸਮ ਉਪਰੰਤ ਉਨ੍ਹਾਂ ਦੀ ਅੰਤਿਮ ਅਰਦਾਸ ਅਤੇ ਭੋਗ ਦੀ ਤਰੀਕ ਰੱਖੀ ਜਾਵੇਗੀ ਉਹ ਪਿੱਛੇ ਆਪਣੇ ਇਕਲੌਤੇ ਬੇਟੇ ਕਾਕਾ ਮਹਿਤਾਬ ਸਿੰਘ ਸਿੱਧੂ ਨੂੰ ਛੱਡ ਗਏ ਹਨ। 1989 ਵਿੱਚ ਦੁਸ਼ਟ ਸੋਧ ਕਮਾਂਡੋ ਫੋਰਸ ਦੇ ਮੁੱਖੀ ਸ਼ਹੀਦ ਭਾਈ ਕੁਲਵਿੰਦਰ ਸਿੰਘ ਕਿੱਡ ਨੂੰ ਭਾਈ ਕੁਲਵਿੰਦਰ ਸਿੰਘ ਪੋਲਾ ਵਾਸੀ ਢੰਡੇ (ਫਗਵਾੜਾ ) ਦੇ ਨਾਲ ਫੜੇ ਜਾਣ ਪਿੱਛੋਂ ਮੋਹਾਲੀ ਨੇੜਲੇ ਪਿੰਡ ਤੰਗੋਰੀ ਵਿਚ ਝੂਠੇ ਪੁਲਿਸ ਮੁਕਾਬਲੇ ਵਿੱਚ ਸ਼ਹੀਦ ਕਰ ਦਿੱਤਾ ਗਿਆ ਸੀ। ਭਾਈ ਕਿਡ ਅਤੇ ਉਨ੍ਹਾਂ ਦੇ ਮਾਮੇ ਦੇ ਸਪੁੱਤਰ ਸ਼ਹੀਦ ਭਾਈ ਹਰਮੀਤ ਸਿੰਘ ਭਾਓਵਾਲ ਸ਼ੁਰੂ ਵਿਚ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾਂ ਅਤੇ ਸ਼ਹੀਦ ਭਾਈ ਚਰਨਜੀਤ ਸਿੰਘ ਚੰਨੀ ਦੇ ਨਾਲ ਹਥਿਆਰ ਬੰਦ ਸੰਘਰਸ਼ ਵਿੱਚ ਸ਼ਾਮਲ ਹੋਏ ਸਨ ।ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾਂ ਦੀ ਸ਼ਹੀਦੀ ਪਿੱਛੋਂ ਸ਼ਹੀਦ ਭਾਈ ਹਰਮੀਤ ਸਿੰਘ ਭਾਓਵਾਲ ਨੂੰ ਬੱਬਰ ਖਾਲਸਾ ਦਾ ਮਾਲਵਾ ਖੇਤਰ ਦਾ ਏਰੀਆ ਕਮਾਂਡਰ ਬਣਾਇਆ ਗਿਆ ਸੀ ।ਸ਼ਹੀਦ ਭਾਈ ਕੁਲਵਿੰਦਰ ਸਿੰਘ ਕਿਡ ਨੇ ਸਿੱਖ ਸੰਘਰਸ਼ ਵਿੱਚ ਵਿਚਰਦੇ ਹੋਏ ਗੁਪਤ ਥਾਂ ਉਤੇ ਬੀਬੀ ਰਵਿੰਦਰ ਕੌਰ ਨਾਲ ਵਿਆਹ ਕਰਵਾਇਆ ਸੀ ।ਵਾਹਿਗੁਰੂ ਬੀਬੀ ਰਵਿੰਦਰ ਕੌਰ ਦੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ।

**-ਅਮਰਜੀਤ ਸਿੰਘ ਬਡਗੁਜਰਾਂ**




**ਮਰਹੂਮ ਬੀਬੀ ਰਵਿੰਦਰ ਕੌਰ ਦੀ ਡੋਲੀ ਲੈ ਕੇ ਭਾਈ ਕੁਲਵਿੰਦਰ ਸਿੰਘ ਕਿਡ ਆਪਣੇ ਗੁਪਤ ਟਿਕਾਣੇ ਵੱਲ ਨੂੰ ਰਵਾਨਾ ਹੋ ਰਹੇ ਹਨ। ਬੀਬੀ ਜੀ ਦਾ ਪਰਿਵਾਰ ਉਨ੍ਹਾਂ ਨੂੰ ਵਿਦਾਇਗੀ ਦੇ ਰਿਹਾ ਹੈ। ਸੱਜੇ ਪਾਸੇ ਨਾਭੀ ਜਰਸੀ ਵਿੱਚ ਦਾਸ ਅਮਰਜੀਤ ਸਿੰਘ ਬਡਗੁਜਰਾਂ ਖੜ੍ਹੇ ਹਨ ।ਆਪਣੀ ਸੁਰੱਖਿਆ ਕਰਨ ਦੀ ਜੁੰਮੇਵਾਰੀ ਭਾਈ ਕਿਡ ਨੇ ਦਾਸ ਬਡਗੁਜਰਾਂ ਦੀ ਲਗਾਈ ਹੋਈ ਸੀ।**

### ਯੂਕੇ ਦੇ ਸਿੱਖਾਂ ਨੇ ਸਰਕਾਰ ਤੋਂ 'ਨਫ਼ਰਤ ਭਰੇ ਵਿਰੋਧ ਪ੍ਰਦਰਸ਼ਨਾਂ' ਨਾਲ ਨਜਿੱਠਣ ਅਤੇ ਸੀਮਤ ਕਰਨ ਲਈ

# ਨਵੇਂ ਕਾਨੂੰਨਾਂ ਅਤੇ ਸਜ਼ਾਵਾਂ ਦੀ ਕੀਤੀ ਮੰਗ




ਨਵੀਂ ਦਿੱਲੀ, 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਲਾਰਡ ਮੈਕਡੋਨਲਡ ਦੀ ਅਗਵਾਈ ਵਾਲੀ ਸਮੀਖਿਆ ਦਾ ਐਲਾਨ ਸਰਕਾਰ ਦੁਆਰਾ ਹਾਲ ਹੀ ਵਿੱਚ ਹੋਏ ਵਿਰੋਧ ਪ੍ਰਦਰਸ਼ਨਾਂ ਬਾਰੇ ਚਿੰਤਾਵਾਂ ਤੋਂ ਬਾਅਦ ਕੀਤਾ ਗਿਆ ਸੀ। ਇਹ ਵਿਰੋਧ ਪ੍ਰਦਰਸ਼ਨਾਂ ਅਤੇ ਨਫ਼ਰਤ ਅਪਰਾਧ ਕਾਨੂੰਨਾਂ ਦਾ ਪ੍ਰਬੰਧਨ ਕਰਨ ਲਈ ਪੁਲਿਸ ਸ਼ਕਤੀਆਂ ਦੀ ਜਾਂਚ ਕਰ ਰਿਹਾ ਹੈ, ਜਿਸ ਵਿੱਚ "ਨਫ਼ਰਤ ਭੜਕਾਉਣਾ", ਵਧਿਆ ਹੋਇਆ ਵਿਵਹਾਰ ਅਤੇ ਔਨਲਾਈਨ ਨਫ਼ਰਤ ਸ਼ਾਮਲ ਹੈ। ਇਸ ਬਾਰੇ ਸਿੱਖ ਫੈਡਰੇਸ਼ਨ (ਯੂ.ਕੇ.) ਨੇ ਜਨਤਕ ਵਿਵਸਥਾ ਅਤੇ ਨਫ਼ਰਤ ਅਪਰਾਧ ਕਾਨੂੰਨ ਦੀ ਸੁਤੰਤਰ ਸਮੀਖਿਆ ਲਈ ਗ੍ਰਹਿ ਦਫ਼ਤਰ ਨੂੰ ਵਿਸਤ੍ਰਿਤ ਸਬੂਤ ਸੌਂਪੇ ਹਨ। ਫੈਡਰੇਸ਼ਨ ਨੇ ਕਾਨੂੰਨ ਨੂੰ ਮਜ਼ਬੂਤ ਕਰਨ ਅਤੇ ਪੁਲਿਸ ਅਭਿਆਸਾਂ ਨੂੰ ਬਦਲਣ ਦੀ ਮੰਗ ਕੀਤੀ ਹੈ ਜਿਸਨੂੰ ਸਿੱਖ ਫੈਡਰੇਸ਼ਨ (ਯੂ.ਕੇ.) ਨੇ "ਨਫ਼ਰਤ ਭਰੇ ਵਿਰੋਧ ਪ੍ਰਦਰਸ਼ਨ" ਕਿਹਾ ਹੈ। ਇਸ ਵਿੱਚ ਸੱਜੇ-ਪੱਖੀ ਵਿਰੋਧ ਪ੍ਰਦਰਸ਼ਨ ਅਤੇ ਖਾਸ ਭਾਈਚਾਰਿਆਂ ਨੂੰ ਡਰਾਉਣ ਲਈ ਭੜਕਾਊ ਭਾਸ਼ਾ ਦੀ ਵਰਤੋਂ ਕਰਨ ਵਾਲੇ ਹੋਰ ਵਿਰੋਧ ਪ੍ਰਦਰਸ਼ਨ ਸ਼ਾਮਲ ਹਨ। ਸਪੁਰਦਗੀ ਵਿੱਚ ਇਹ ਸੁਝਾਅ ਦਿੱਤਾ ਗਿਆ ਹੈ ਕਿ ਜਿਨ੍ਹਾਂ ਨੂੰ ਪਾਬੰਦੀਆਂ ਜਾਂ ਸਜ਼ਾਵਾਂ ਨਾਲ ਨਿਸ਼ਾਨਾ ਬਣਾਉਣ ਦੀ ਲੋੜ ਹੈ ਜੋ ਰੋਕਥਾਮ ਵਜੋਂ ਕੰਮ ਕਰਦੇ ਹਨ, ਉਹ ਉਨ੍ਹਾਂ ਵਿਰੋਧ ਪ੍ਰਦਰਸ਼ਨਾਂ ਵਿੱਚ ਭਾਗੀਦਾਰਾਂ ਦੀ ਬਜਾਏ "ਨਫ਼ਰਤ ਭਰੇ ਵਿਰੋਧ ਪ੍ਰਦਰਸ਼ਨਾਂ" ਦੇ ਪ੍ਰਬੰਧਕ ਹਨ। ਇਸ ਅਰਜ਼ੀ ਵਿੱਚ ਇਹ ਵੀ ਜ਼ਿਕਰ ਕੀਤਾ ਗਿਆ ਹੈ ਕਿ ਮੋਹਰੀ ਸਿਆਸਤਦਾਨਾਂ ਅਤੇ ਸੱਤਾਧਾਰੀ ਹੋਰਾਂ ਨੂੰ ਵੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਪਛਾਣਨਾ ਚਾਹੀਦਾ ਹੈ, ਜੋ ਸੱਜੇ-ਪੱਖੀ ਅਤੇ ਨਫ਼ਰਤ ਫੈਲਾਉਣ ਵਾਲੇ ਹੋਰਾਂ ਨੂੰ ਰਾਜਨੀਤਿਕ ਸਮਰਥਨ ਦੇ ਕੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਪਛਾਣਨ, ਉਦਾਹਰਨ ਲਈ ਬੇਲੋੜੀ ਵਿਦੇਸ਼ੀ-ਵਿਰੋਧੀ ਜਾਂ ਸ਼ਰਣ-ਵਿਰੋਧੀ ਬਿਆਨਬਾਜ਼ੀ ਕਰਦੇ ਹਨ। ਦੂਜਾ ਮੁੱਖ ਖੇਤਰ ਜਿੱਥੇ ਫੈਡਰੇਸ਼ਨ ਨੇ ਕਾਨੂੰਨ ਨੂੰ ਮਜ਼ਬੂਤ ਕਰਨ ਲਈ ਕਿਹਾ ਹੈ ਉਹ ਵਿਰੋਧੀ ਵਿਰੋਧ ਪ੍ਰਦਰਸ਼ਨਾਂ ਦੇ ਆਲੇ-ਦੁਆਲੇ ਹੈ ਜੋ ਵਿਦੇਸ਼ੀ ਸਰਕਾਰਾਂ ਦੁਆਰਾ ਸਪਾਂਸਰ ਕੀਤੇ ਜਾਂ ਸਮਰਥਿਤ ਹਨ। ਇਹ ਬ੍ਰਿਟੇਨ ਵਿੱਚ ਸ਼ਾਂਤੀਪੂਰਨ ਪ੍ਰਦਰਸ਼ਨਕਾਰੀਆਂ ਨੂੰ ਪ੍ਰਗਟਾਵੇ ਦੀ ਆਜ਼ਾਦੀ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਨ ਅਤੇ ਵਿਦੇਸ਼ੀ ਸਰਕਾਰਾਂ ਦੀਆਂ ਨੀਤੀਆਂ ਅਤੇ ਕਾਰਵਾਈਆਂ ਦੀ ਆਲੋਚਨਾ ਕਰਨ ਲਈ ਤਿਆਰ ਕੀਤੇ ਗਏ ਹਨ। ਪਿਛਲੇ ਦਹਾਕੇ ਤੋਂ ਨਰਿੰਦਰ ਮੋਦੀ ਦੇ ਭਾਰਤ ਵਿੱਚ ਸੱਤਾ ਵਿੱਚ ਆਉਣ ਤੋਂ ਬਾਅਦ, ਉਨ੍ਹਾਂ ਦੇ ਸ਼ਾਸਨ ਨੇ ਲੰਡਨ ਸਮੇਤ ਆਪਣੇ ਹਾਈ ਕਮਿਸ਼ਨਾਂ ਦੇ ਬਾਹਰ ਸ਼ਾਂਤੀਪੂਰਨ ਪ੍ਰਦਰਸ਼ਨਕਾਰੀਆਂ ਦਾ ਧਿਆਨ ਭਟਕਾਉਣ, ਡਰਾਉਣ ਅਤੇ ਭੜਕਾਉਣ ਲਈ ਰਾਜ-ਪ੍ਰਾਯੋਜਿਤ ਵਿਰੋਧੀ ਪ੍ਰਦਰਸ਼ਨਾਂ ਦੀ ਦੁਨੀਆ ਭਰ ਵਿੱਚ ਵਿਆਪਕ ਤੌਰ 'ਤੇ ਇਸ ਰਣਨੀਤੀ ਦੀ ਵਰਤੋਂ ਕੀਤੀ ਹੈ। ਇਸ ਗੱਲ ਨੂੰ ਉਜਾਗਰ ਕਰਨ ਲਈ ਧਿਆਨ ਖਿੱਚਿਆ ਗਿਆ ਹੈ ਕਿ ਪੁਲਿਸ ਨਫ਼ਰਤ ਦੇ ਅਪਰਾਧਾਂ ਨੂੰ ਉਦੋਂ ਕਰਨ ਵਿੱਚ ਅਸਫਲ ਰਹੀ ਹੈ ਜਦੋਂ ਵਿਰੋਧੀ ਪ੍ਰਦਰਸ਼ਨਕਾਰੀਆਂ ਦੁਆਰਾ ਸਿੱਧੇ ਤੌਰ 'ਤੇ ਭਾਰਤੀ ਹਾਈ ਕਮਿਸ਼ਨ ਨਾਲ ਜੁੜੇ ਹੋਏ ਹਨ ਜਦੋਂ ਉਨ੍ਹਾਂ ਦੀ ਰਸਮੀ ਤੌਰ 'ਤੇ ਪੁਲਿਸ ਨੂੰ ਰਿਪੋਰਟ ਕੀਤੀ ਗਈ ਹੈ। ਉਦਾਹਰਣ ਵਜੋਂ, ਇੱਕ ਵਿਰੋਧੀ ਵਿਰੋਧ ਪ੍ਰਦਰਸ਼ਨ ਵਿੱਚ ਉਨ੍ਹਾਂ ਨੇ ਸਿੱਖ ਪੱਗ ਦੀਆਂ ਤਸਵੀਰਾਂ ਵਾਲੇ ਤਖ਼ਤੀਆਂ ਫੜੀਆਂ ਹੋਈਆਂ ਸਨ ਅਤੇ ਅਪਮਾਨਜਨਕ ਨਾਅਰੇ ਲਗਾਏ ਸਨ। ਇਸ ਤੋਂ ਇਲਾਵਾ, ਭਾਰਤੀ ਅਧਿਕਾਰੀਆਂ ਵੱਲੋਂ ਲੰਡਨ ਵਿੱਚ ਸਿੱਖ ਪ੍ਰਦਰਸ਼ਨਕਾਰੀਆਂ ਅਤੇ ਪੰਜਾਬ ਵਿੱਚ ਉਨ੍ਹਾਂ ਦੇ ਪਰਿਵਾਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਨਿਸ਼ਾਨਾ ਬਣਾਉਣ ਲਈ ਅੰਤਰਰਾਸ਼ਟਰੀ ਦਮਨ ਦੀ ਵਰਤੋਂ ਕਰਨ ਦੇ ਵੇਰਵੇ ਪੇਸ਼ ਕੀਤੇ ਗਏ ਹਨ। ਇਸ ਵਿੱਚ ਪੱਛਮੀ ਲੰਡਨ ਦੇ ਇੱਕ ਨਾਮੀ ਬ੍ਰਿਟਿਸ਼ ਸਿੱਖ ਵਿਅਕਤੀ ਦੇ ਵੇਰਵੇ ਸ਼ਾਮਲ ਹਨ ਜਿਸਨੂੰ ਮਾਰਚ 2023 ਵਿੱਚ ਲੰਡਨ ਵਿੱਚ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਇੱਕ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਲਈ ਮੁਕੱਦਮੇ ਦੀ ਉਡੀਕ ਵਿੱਚ ਦੋ ਸਾਲਾਂ ਤੋਂ ਬ੍ਰਿਟੇਨ ਵਾਪਸ ਨਹੀਂ ਜਾਣ ਦਿੱਤਾ ਗਿਆ ਹੈ। ਉਸਨੂੰ ਭਾਰਤ ਵਿੱਚ ਇੱਕ ਜੱਜ ਨੇ ਜ਼ਮਾਨਤ ਦੇ ਦਿੱਤੀ ਹੈ ਕਿਉਂਕਿ ਉਸਨੇ ਨੋਟ ਕੀਤਾ ਸੀ ਕਿ ਭਾਰਤ ਦੀ ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਇਸ ਗੱਲ ਦਾ ਸਬੂਤ ਪੇਸ਼ ਕਰਨ ਵਿੱਚ ਅਸਫਲ ਰਹੀ ਹੈ ਕਿ ਉਸਨੇ ਯੂਕੇ ਵਿੱਚ ਕੋਈ ਅਪਰਾਧ ਕੀਤਾ ਹੈ ਅਤੇ ਉਸਦਾ ਕੇਸ ਕਈ ਸਾਲਾਂ ਤੱਕ ਭਾਰਤ ਵਿੱਚ ਮੁਕੱਦਮਾ ਨਹੀਂ ਚੱਲ ਸਕਦਾ। ਭਾਰਤੀ ਅਧਿਕਾਰੀਆਂ ਨੇ ਉਸਦਾ ਬ੍ਰਿਟਿਸ਼ ਪਾਸਪੋਰਟ ਆਪਣੇ ਕੋਲ ਰੱਖਿਆ ਹੋਇਆ ਹੈ, ਪਰ ਅਜਿਹਾ ਲਗਦਾ ਹੈ ਕਿ ਯੂਕੇ ਸਰਕਾਰ ਆਪਣੇ ਨਾਗਰਿਕ ਨੂੰ ਘਰ ਲਿਆਉਣ ਲਈ ਕਾਰਵਾਈ ਕਰਨ ਵਿੱਚ ਅਸਮਰੱਥ ਹੈ। ਹਾਲ ਹੀ ਵਿੱਚ "ਨਫ਼ਰਤ ਭਰੇ ਵਿਰੋਧ ਪ੍ਰਦਰਸ਼ਨਾਂ" ਦੇ ਵਿਆਪਕ ਪ੍ਰਭਾਵ ਨੂੰ ਪੱਛਮੀ ਮਿਡਲੈਂਡਜ਼ ਵਿੱਚ ਸਿੱਖਾਂ ਵਿਰੁੱਧ ਨਸਲੀ ਤੌਰ 'ਤੇ ਵਧੇ ਹੋਏ ਹਮਲਿਆਂ ਨਾਲ ਦਰਸਾਇਆ ਗਿਆ ਹੈ, ਜਿਸ ਵਿੱਚ ਓਲਡਬਰੀ ਅਤੇ ਵਾਲਸਾਲ ਵਿੱਚ 20 ਸਾਲਾਂ ਦੀਆਂ ਨੌਜਵਾਨ ਸਿੱਖ ਔਰਤਾਂ ਨਾਲ ਦੋ ਨਸਲੀ ਤੌਰ 'ਤੇ ਵਧੇ ਹੋਏ ਬਲਾਤਕਾਰ ਸ਼ਾਮਲ ਹਨ। ਸੋਸ਼ਲ ਮੀਡੀਆ 'ਤੇ ਵੱਖ-ਵੱਖ ਮੁੱਦਿਆਂ 'ਤੇ ਨਸਲੀ ਟਿੱਪਣੀਆਂ ਵਿੱਚ ਵੀ ਭਾਰੀ ਵਾਧਾ ਹੋਇਆ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੇ ਰਾਜਨੀਤਿਕ ਸ਼ਮੂਲੀਅਤ ਲਈ ਮੁੱਖ ਕਾਰਜਕਾਰੀ ਦਬਿੰਦਰਜੀਤ ਸਿੰਘ ਓ.ਬੀ.ਈ. ਨੇ ਕਿਹਾ ਅਸੀਂ "ਨਫ਼ਰਤ ਭਰੇ ਵਿਰੋਧ ਪ੍ਰਦਰਸ਼ਨਾਂ" ਨਾਲ ਨਜਿੱਠਣ ਅਤੇ ਵਿਦੇਸ਼ੀ ਸ਼ਕਤੀਆਂ ਦੁਆਰਾ ਸਪਾਂਸਰ ਕੀਤੇ ਗਏ ਵਿਰੋਧੀ ਪ੍ਰਦਰਸ਼ਨਾਂ ਨੂੰ ਗੈਰ-ਕਾਨੂੰਨੀ ਬਣਾਉਣ ਦੀ ਜ਼ਰੂਰਤ ਲਈ ਕੱਟੜਪੰਥੀ ਪ੍ਰਸਤਾਵ ਪੇਸ਼ ਕੀਤੇ ਹਨ। ਅਸੀਂ ਬ੍ਰਿਟੇਨ ਵਿੱਚ ਅਵਿਵਸਥਾ ਨੂੰ ਰੋਕਣ ਅਤੇ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਦੇ ਅਧਿਕਾਰ ਦੀ ਰੱਖਿਆ ਲਈ ਆਪਣੇ ਸੁਝਾਵਾਂ ਦਾ ਵਿਸਥਾਰ ਕਰਨ ਲਈ ਸਮੀਖਿਆ ਟੀਮ ਦੇ ਮੈਂਬਰ ਅਤੇ ਲਾਰਡ ਮੈਕਡੋਨਲਡ ਸਾਡੀਆਂ ਸਿਫ਼ਾਰਸ਼ਾਂ ਦਾ ਵੇਰਵਾ ਦੇਣਗੇ।

**ਪ੍ਰਦਰਸ਼ਨਕਾਰੀਆਂ ਨੂੰ ਡਰਾਉਣ ਅਤੇ ਭੜਕਾਉਣ ਲਈ ਤਿਆਰ ਕੀਤੇ ਗਏ ਰਾਜ-ਪ੍ਰਯੋਜਿਤ ਜਵਾਬੀ ਪ੍ਰਦਰਸ਼ਨਾਂ ਨੂੰ ਕਰਾਰ ਦਿੱਤਾ ਗੈਰ-ਕਾਨੂੰਨੀ**

ਆਵਾਜ਼ਿ ਕੌਮ AWAZE QAUM International Newspaper & WEB TV

### ਨਿਊਜ਼ੀਲੈਂਡ ਵਿਚ ਨਗਰ ਕੀਰਤਨ ਦੇ ਵਿਰੋਧ ਕਰਨ ਵਾਲਿਆਂ ਨੂੰ

# ਸਖਤ ਸਜਾ ਦਿੱਤੀ ਜਾਵੇ : ਕਾਲਾਬੂਲਾ, ਬਾਠ



ਧੂਰੀ ( ਰਣਜੀਤ ਸਿੰਘ ਪੇਧਨੀ )-ਬੀਤੇ ਦਿਨੀਂ ਨਿਊਜ਼ੀਲੈਂਡ ਵਿਚ ਨਗਰ ਕੀਰਤਨ ਦੇ ਵਿਰੋਧ ਨੇ ਸਿੱਖ ਭਾਈਚਾਰੇ ਦੇ ਮਨ੍ਹਾਂ 'ਤੇ ਡੂੰਘੀ ਸੱਟ ਮਾਰੀ ਹੈ। ਜਸਸ ਦੀ ਸਖ਼ਤ ਸ਼ਬਦਾ ਵਿੱਚ ਨਿਖੇਧੀ ਕਰਦਿਆਂ ਸ੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਅਤੇ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤੋਂ ਧੂਰੀ ਦੇ ਹਲਕਾ ਇੰਚਾਰਜ ਨਰਿੰਦਰ ਸਿੰਘ ਕਾਲਾਬੂਲਾ ਕਿਹਾ ਕਿ ਸਿੱਖ ਭਾਈਚਾਰਾ ਸਦਾ ਤੋਂ ਹੀ ਵਿਸ਼ਵ ਭਾਈਚਾਰੇ ਦੀ ਭਲਾਈ, ਸ਼ਾਂਤੀ, ਸਹਿਣਸ਼ੀਲਤਾ ਅਤੇ ਤਰੱਕੀ ਲਈ ਆਪਣਾ ਮਿਸਾਲੀ ਯੋਗਦਾਨ ਪਾਉਂਦਾ ਆ ਰਿਹਾ ਹੈ, ਪਰ ਇਸ ਦੇ ਬਾਵਜੂਦ ਸਿੱਖਾਂ ਦੀਆਂ ਧਾਰਮਿਕ ਰਵਾਇਤਾਂ ਨੂੰ ਨਫ਼ਰਤੀ ਨਜ਼ਰੀਏ ਨਾਲ ਦੇਖਿਆ ਜਾਣਾ ਅਤਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਦੀ ਬੁਨਿਆਦ ਸਰਬੱਤ ਦਾ ਭਲਾ, ਭਰਾਤਰੀ ਭਾਵ ਅਤੇ ਮਨੁੱਖਤਾ ਦੀ ਸੇਵਾ 'ਤੇ ਟਿਕੀ ਹੋਈ ਹੈ। ਨਗਰ ਕੀਰਤਨ ਸਿੱਖ ਧਰਮ ਦੀ ਇੱਕ ਪਵਿੱਤਰ ਧਾਰਮਿਕ ਪ੍ਰੰਪਰਾ ਹੈ, ਜੋ ਸਮਾਜ ਵਿਚ ਆਪਸੀ ਸਾਂਝ, ਪਿਆਰ ਅਤੇ ਏਕਤਾ ਦਾ ਸੰਦੇਸ਼ ਦਿੰਦੀ ਹੈ। ਅਜਿਹੇ ਧਾਰਮਿਕ ਸਮਾਗਮਾਂ ਦਾ ਵਿਰੋਧ ਕਰਨਾ ਗੁਰੂ ਸਾਹਿਬਾਨ ਦੇ ਸਰਬ-ਸਾਂਝੇ ਸੰਦੇਸ਼ 'ਤੇ ਸਿੱਧੀ ਸੱਟ ਹੈ। ਉਨ੍ਹਾਂ ਕਿਹਾ ਕਿ ਦੁਨੀਆ ਭਰ ਦੇ ਵੱਖ-ਵੱਖ ਦੇਸ਼ਾਂ ਵਿਚ ਵੱਸਦਾ ਸਿੱਖ ਭਾਈਚਾਰਾ ਸਦਾ ਹੀ ਸਥਾਨਕ ਲੋਕਾਂ ਨਾਲ ਰਲ ਮਿਲ ਕੇ ਰਹਿੰਦਾ ਹੈ ਅਤੇ ਹਰ ਦੇਸ਼ ਦੇ ਕਾਨੂੰਨਾਂ ਅਤੇ ਸਥਾਨਕ ਸਭਿਆਚਾਰ ਦਾ ਪੂਰਾ ਸਤਿਕਾਰ ਕਰਦਾ ਆਇਆ ਹੈ। ਸਿੱਖ ਸਮਾਗਮਾਂ ਦੌਰਾਨ ਲੰਗਰ ਅਤੇ ਨਿਸ਼ਕਾਮ ਸੇਵਾ ਰਾਹੀਂ ਮਨੁੱਖਤਾ ਦੀ ਭਲਾਈ ਦਾ ਸੁਨੇਹਾ ਦਿੱਤਾ ਜਾਂਦਾ ਹੈ, ਜਿਸ ਨਾਲ ਸਮਾਜਿਕ ਸਾਂਝ ਮਜ਼ਬੂਤ ਹੁੰਦੀ ਹੈ। ਭਾਈ ਗਰੇਵਾਲ ਨੇ ਨਿਊਜੀਲੈਂਡ ਦੇ ਮੋਹਰੀ ਸਿੱਖਾਂ ਨੂੰ ਇਸ ਘਟਨਾ ਸਬੰਧੀ ਉਥੇ ਦੀ ਸਰਕਾਰ ਅਤੇ ਵਿਰੋਧ ਪ੍ਰਦਰਸ਼ਨ ਕਰਨ ਵਾਲੇ ਲੋਕਾਂ ਨਾਲ ਮਿਲ ਬੈਠ ਕੇ ਵਿਚਾਰ ਚਰਚਾ ਕਰਨ ਦੀ ਵੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਨਿਊਜੀਲੈਂਡ ਵਿਚ ਨਗਰ ਕੀਰਤਨ ਦਾ ਵਿਰੋਧ ਵਿਸ਼ਵ ਭਾਈਚਾਰੇ ਦੀ ਸਮਾਜਿਕ ਸਾਂਝ ਨੂੰ ਚੁਣੌਤੀ- ਭਾਈ ਅਤਲਾ

### ਜਥੇਦਾਰ ਅਕਾਲ ਤਖ਼ਤ ਸਾਹਿਬ ਅਤੇ ਪ੍ਰਧਾਨ ਸ਼੍ਰੋਮਣੀ ਕਮੇਟੀ ਨਿਊਜੀਲੈਂਡ ਤੇ ਭਾਰਤ ਸਰਕਾਰ ਕੋਲ ਮਾਮਲੇ ਨੂੰ ਸੰਜੀਦਗੀ ਨਾਲ ਵਿਚਾਰਨ



ਨਵੀਂ ਦਿੱਲੀ, 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)-ਸਿੱਖਾਂ ਵੱਲੋਂ ਨਿਊਜੀਲੈਂਡ ਵਿਚ ਸ਼ਾਂਤੀਪੂਰਵਕ ਅਤੇ ਧਾਰਮਿਕ ਮਰਿਆਦਾ ਅਨੁਸਾਰ ਸਜਾਏ ਗਏ ਨਗਰ ਕੀਰਤਨ ਦਾ ਕੁਝ ਸਥਾਨਕ ਲੋਕਾਂ ਵੱਲੋਂ ਵਿਰੋਧ ਕੀਤਾ ਜਾਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਹੈ। ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੇ ਇਸ ਮਾਮਲੇ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਭਾਈਚਾਰਾ ਸਦਾ ਤੋਂ ਹੀ ਵਿਸ਼ਵ ਭਾਈਚਾਰੇ ਦੀ ਭਲਾਈ, ਸ਼ਾਂਤੀ, ਸਹਿਣਸ਼ੀਲਤਾ ਅਤੇ ਤਰੱਕੀ ਲਈ ਆਪਣਾ ਮਿਸਾਲੀ ਯੋਗਦਾਨ ਪਾਉਂਦਾ ਆ ਰਿਹਾ ਹੈ, ਪਰ ਇਸ ਦੇ ਬਾਵਜੂਦ ਸਿੱਖਾਂ ਦੀਆਂ ਧਾਰਮਿਕ ਰਵਾਇਤਾਂ ਨੂੰ ਨਫ਼ਰਤੀ ਨਜ਼ਰੀਏ ਨਾਲ ਦੇਖਿਆ ਜਾਣਾ ਅਤਿ ਨਿੰਦਣਯੋਗ ਹੈ। ਭਾਈ ਅਤਲਾ ਨੇ ਕਿਹਾ ਕਿ ਸਿੱਖ ਧਰਮ ਦੀ ਬੁਨਿਆਦ ਸਰਬੱਤ ਦਾ ਭਲਾ, ਭਰਾਤਰੀ ਭਾਵ ਅਤੇ ਮਨੁੱਖਤਾ ਦੀ ਸੇਵਾ 'ਤੇ ਟਿਕੀ ਹੋਈ ਹੈ। ਨਗਰ ਕੀਰਤਨ ਸਿੱਖ ਧਰਮ ਦੀ ਇੱਕ ਪਵਿੱਤਰ ਧਾਰਮਿਕ ਪਰੰਪਰਾ ਹੈ ਜੋ ਸਮਾਜ ਵਿਚ ਆਪਸੀ ਸਾਂਝ, ਪਿਆਰ ਅਤੇ ਏਕਤਾ ਦਾ ਸੰਦੇਸ਼ ਦਿੰਦੀ ਹੈ। ਅਜਿਹੇ ਧਾਰਮਿਕ ਸਮਾਗਮਾਂ ਦਾ ਵਿਰੋਧ ਕਰਨਾ ਗੁਰੂ ਸਾਹਿਬਾਨ ਦੇ ਸਰਬ-ਸਾਂਝੇ ਸੰਦੇਸ਼ 'ਤੇ ਸਿੱਧੀ ਸੱਟ ਹੈ। ਉਨ੍ਹਾਂ ਆਖਿਆ ਕਿ ਦੁਨੀਆ ਭਰ ਦੇ ਵੱਖ-ਵੱਖ ਦੇਸ਼ਾਂ ਵਿਚ ਵੱਸਦਾ ਸਿੱਖ ਭਾਈਚਾਰਾ ਸਦਾ ਹੀ ਸਥਾਨਕ ਲੋਕਾਂ ਨਾਲ ਰਲ ਮਿਲ ਕੇ ਰਹਿੰਦਾ ਹੈ ਅਤੇ ਹਰ ਦੇਸ਼ ਦੇ ਕਾਨੂੰਨਾਂ ਅਤੇ ਸਥਾਨਕ ਸਭਿਆਚਾਰ ਦਾ ਪੂਰਾ ਸਤਿਕਾਰ ਕਰਦਾ ਆਇਆ ਹੈ। ਸਿੱਖ ਸਮਾਗਮਾਂ ਦੌਰਾਨ ਲੰਗਰ ਅਤੇ ਨਿਸ਼ਕਾਮ ਸੇਵਾ ਰਾਹੀਂ ਮਨੁੱਖਤਾ ਦੀ ਭਲਾਈ ਦਾ ਸੁਨੇਹਾ ਦਿੱਤਾ ਜਾਂਦਾ ਹੈ, ਜਿਸ ਨਾਲ ਸਮਾਜਿਕ ਸਾਂਝ ਮਜ਼ਬੂਤ ਹੁੰਦੀ ਹੈ।

ਭਾਈ ਅਤਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਬੇਨਤੀ ਕੀਤੀ ਕਿ ਉਹ ਨਿਊਜੀਲੈਂਡ ਅਤੇ ਭਾਰਤ ਦੀ ਸਰਕਾਰ ਕੋਲ ਇਸ ਮਾਮਲੇ ਦਾ ਗੰਭੀਰਤਾ ਨਾਲ ਨੋਟਿਸ ਲੈਣ ਅਤੇ ਸਿੱਖ ਭਾਈਚਾਰੇ ਨੂੰ ਆਪਣੇ ਧਾਰਮਿਕ ਅਧਿਕਾਰਾਂ ਦੇ ਅਨੁਸਾਰ ਸਮਾਗਮ ਕਰਨ ਲਈ ਸੁਰੱਖਿਅਤ ਅਤੇ ਸਹਿਯੋਗੀ ਮਾਹੌਲ ਮੁਹੱਈਆ ਕਰਵਾਉਣ। ਉਨ੍ਹਾਂ ਕਿਹਾ ਕਿ ਧਾਰਮਿਕ ਆਜ਼ਾਦੀ ਅਤੇ ਆਪਸੀ ਸਤਿਕਾਰ ਹੀ ਕਿਸੇ ਵੀ ਬਹੁ-ਸੱਭਿਆਚਾਰਕ ਸਮਾਜ ਦੀ ਅਸਲ ਪਛਾਣ ਹੁੰਦੀ ਹੈ।

ਭਾਈ ਅਤਲਾ ਨੇ ਨਿਊਜੀਲੈਂਡ ਦੇ ਮੋਹਰੀ ਸਿੱਖਾਂ ਨੂੰ ਇਸ ਘਟਨਾ ਸਬੰਧੀ ਉਥੇ ਦੀ ਸਰਕਾਰ ਅਤੇ ਵਿਰੋਧ ਪ੍ਰਦਰਸ਼ਨ ਕਰਨ ਵਾਲੇ ਲੋਕਾਂ ਨਾਲ ਮਿਲ ਬੈਠ ਕੇ ਵਿਚਾਰ ਚਰਚਾ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਉਪਦੇਸ਼ਾਂ ਦੀ ਸੇਧ ਵਿਚ ਹੀ ਇਸ ਮਸਲੇ ਨੂੰ ਨਜਿੱਠਣ ਲਈ ਯਤਨ ਕੀਤੇ ਜਾਣ ਅਤੇ ਤਲਖ਼ੀ ਵਾਲ਼ੇ ਮਾਹੌਲ ਤੋਂ ਬਚਿਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੂਰੇ ਜਿਲੇ ਚੋਂ ਛੇਂ ਹਜਾਰ ਤੋਂ ਵੱਧ ਵੋਟਾਂ ਨਾਲ ਜਿੱਤ ਕੇ ਕਾਂਝਲਾ ਬਣੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ



ਧੂਰੀ ( ਰਣਜੀਤ ਸਿੰਘ ਪੇਧਨੀ ) ਹਲਕਾ ਧੂਰੀ ਵਿਚ ਪੈਂਦੇ ਪਿੰਡ ਬਾਲੀਆਂ ਜੋਨ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਜਿੰਦਰ ਸਿੰਘ ਕਾਂਝਲਾ ਨੇ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਜਿੱਤ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਮਜਬੂਤ ਕੀਤੇ ਹਨ ਅਤੇ ਸਥਾਨਕ ਲੋਕਾਂ ਵਿੱਚ ਉਹਨਾਂ ਦੀ ਸਾਫ ਸੁਥਰੀ ਛਵੀ ਅਤੇ ਜਮੀਨੀ ਪੱਧਰ ਤੇ ਕੰਮ ਕਰਨ ਦੀ ਪਛਾਣ ਰਹੀ ਹੈ। ਇਲਾਕੇ ਦੇ ਲੋਕਾਂ ਨੂੰ ਉਮੀਦ ਹੈ ਕਿ ਹਰਜਿੰਦਰ ਸਿੰਘ ਕਾਂਝਲਾ ਆਪਣੇ ਤਜਰਬੇ ਨਾਲ ਵਿਕਾਸਕਾਰੀ ਕੰਮਾਂ ਨੂੰ ਹੋਰ ਤੇਜ਼ੀ ਲਿਆਉਣਗੇ। ਉਹਨਾਂ ਕਿਹਾ ਕਿ ਇਹ ਜਿੱਤ ਪਾਰਟੀ ਵਰਕਰ ਅਤੇ ਆਮ ਆਦਮੀ ਪਾਰਟੀ ਨੂੰ ਪਿਆਰ ਕਰਨ ਵਾਲੇ ਵੋਟਰਾਂ ਦੀ ਜਿੱਤ ਹੈ। ਉਹਨਾਂ ਨੇ ਸਾਰੇ ਪਾਰਟੀ ਵਰਕਰ ਅਤੇ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੈਂ ਹਰ ਵਰਕਰ ਅਤੇ ਵੋਟਰਾਂ ਦੀਆਂ ਉਮੀਦਾਂ ਤੇ ਖਰਾ ਉਤਰਨ ਲਈ ਯਤਨਸ਼ੀਲ ਰਹਾਂਗਾ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਤੋਂ ਬਿਨਾਂ ਧੂਰੀ ਹਲਕੇ ਵਿੱਚ ਕਿਸੇ ਵੀ ਹੋਰ ਪਾਰਟੀ ਲਈ ਕੋਈ ਜਗਾ ਨਹੀਂ ਜਿਸ ਦਾ ਨਤੀਜਾ ਇਹ ਹੈ ਕਿ ਹਲਕੇ ਦੀਆਂ 03 ਜਿਲ੍ਹਾ ਪ੍ਰੀਸ਼ਦ ਸ਼ੀਟਾਂ ਉੱਤੇ ਆਮ ਆਦਮੀ ਪਾਰਟੀ ਨੇ ਜਿੱਤ ਹਾਸਿਲ ਕਰਕੇ ਇਹ ਸਾਬਤ ਕੀਤਾ ਕਿ ਲੋਕ ਅੱਜ ਵੀ ਆਮ ਆਦਮੀ ਪਾਰਟੀ ਦੇ ਨਾਲ ਹਨ ਅਤੇ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਿਊਜ਼ੀਲੈਂਡ ਵਿੱਚ ਗੋਰਿਆਂ ਵੱਲੋਂ ਨਗਰ ਕੀਰਤਨ ਨੂੰ ਰੋਕਣ ਤੇ ਕੇਂਦਰ ਸਰਕਾਰ ਤਰੁੰਤ ਕਰੇ ਕਾਰਵਾਈ: ਰੰਧਾਵਾ ਕਾਤਰੋਂ



ਧੂਰੀ ( ਰਣਜੀਤ ਸਿੰਘ ਪੇਧਨੀ )-ਸੋਸਲ ਮੀਡੀਆ ਬੜੀ ਹੀ ਤੇਜੀ ਨਾਲ ਵੀਡੀਓ ਵਾਇਰਲ ਹੋਈ ਕਿ ਨਿਊਜ਼ੀਲੈਂਡ ਵਿੱਚ ਸਿੱਖਾਂ ਵੱਲੋਂ ਅਮਨ ਸ਼ਾਂਤੀ ਨਾਲ ਕੱਡੇ ਜਾ ਰਹੇ ਨਗਰ ਕੀਰਤਨ ਨੂੰ ਓਥੋਂ ਦੇ ਸਥਾਨਕ ਗੋਰੇ ਨੌਜਵਾਨਾਂ ਨੇ ਰੋਕ ਕੇ ਨਗਰ ਕੀਰਤਨ ਦੇ ਮੂਹਰੇ ਜੰਗਜੂ ਡਾਂਸ ਕੀਤਾ ਤੇ ਬੈਨਰਾਂ ਤੇ ਲਿਖਿਆ ਸੀ ਕਿ ਇਹ ਨਿਊਜ਼ੀਲੈਂਡ ਹੈ ਇੰਡੀਆ ਨਹੀਂ। ਜਿਸ ਨਾਲ ਪੂਰੇ ਜਗਤ ਵਿੱਚ ਵਸਦੇ ਸਿੱਖ ਭਾਈਚਾਰੇ ਦੇ ਮਨ੍ਹਾਂ 'ਤੇ ਠੇਸ ਪਹੁੰਚੀ ਹੈ। ਕੇਦਰ ਦੀ ਮੋਦੀ ਸਰਕਾਰ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ। ਸ੍ਰੋਮਣੀ ਅਕਾਲੀ ਦਲ ਦੇ ਧੂਰੀ ਤੋਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਹਨਾਂ ਕਿਹਾ ਕਿ ਸਰਬ ਸਾਂਝੀਵਾਲਤਾ ਦਾ ਸੁਨੇਹਾ ਦੇਣ ਵਾਲਾ ਸਾਡਾ ਸਿੱਖ ਧਰਮ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ, ਇਸ ਘਟਨਾ ਨੇ ਵਿਦੇਸ਼ਾਂ ਵਿੱਚ ਬੈਠੇ ਕਰੋੜਾਂ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ ਤੇ ਇਹ ਬਹੁਤ ਹੀ ਸੰਵੇਦਨਸ਼ੀਲ ਮੁੱਦਾ ਹੈ ਜਿਸ ਤੇ ਕੇਂਦਰ ਸਰਕਾਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਤੁਰੰਤ ਗੰਭੀਰ ਨੋਟਿਸ ਲੈਂਦਿਆ ਇਸਤੇ ਨਿਊਜ਼ੀਲੈਂਡ ਸਰਕਾਰ ਨਾਲ ਗੱਲਬਾਤ ਕਰਨੀ ਚਾਹੀਦੀ ਹੈ ਤਾਂ ਜੋ ਵਿਦੇਸ਼ਾਂ ਵਿੱਚ ਬੈਠੇ ਸਿੱਖਾਂ ਨੂੰ ਅਸੁਰੱਖਿਅਤ ਮਹਿਸੂਸ ਨਾ ਹੋਣਾ ਪਵੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਨੂੰ ਤੁਰੰਤ ਕੇਂਦਰ ਸਰਕਾਰ ਨਾਲ ਰਾਬਤਾ ਕਾਇਮ ਕਰਕੇ ਇਸ ਮਾਮਲੇ ਤੇ ਗੰਭੀਰਤਾ ਨਾਲ ਕਾਰਵਾਈ ਕਰਵਾਈ ਜਾਵੇ।

### ਦਸਵੇਂ ਪਾਤਸ਼ਾਹ ਜੀ ਦੇ ਵੱਡੇ ਸਾਹਿਬਜ਼ਾਦਿਆਂ ਤੇ ਸ੍ਰੀ ਚਮਕੌਰ ਸਾਹਿਬ ਦੇ

# ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ



ਨਵੀਂ ਦਿੱਲੀ, 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):– ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ ਅਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿਚ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਸਮਾਗਮ ਕਰਵਾਇਆ ਗਿਆ। ਸ਼ਹੀਦਾਂ ਦੀ ਯਾਦ ਵਿੱਚ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਅਰਦਾਸ ਭਾਈ ਬਲਵਿੰਦਰ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ। ਇਸ ਉਪਰੰਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀ ਮੁੱਖ ਸਟੇਜ ਉੱਤੇ ਗੁਰਮਤਿ ਸਮਾਗਮ ਚਲਦੇ ਰਹੇ ਜਿਸ ਵਿੱਚ ਕਥਾਵਾਚਕ ਅਤੇ ਕਵੀਸ਼ਰ ਢਾਡੀ ਜਥਿਆਂ ਨੇ ਸੰਗਤ ਨਾਲ ਸ਼ਹੀਦਾਂ ਦਾ ਇਤਿਹਾਸ ਸਾਂਝਾ ਕਰਦਿਆਂ ਸਤਿਕਾਰ ਭੇਟ ਕੀਤਾ। ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਗੁਰਪ੍ਰੀਤ ਸਿੰਘ ਰੋਡੇ, ਵਧੀਕ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਮੀਤ ਮੈਨੇਜਰ ਸ. ਅਜੈ ਸਿੰਘ, ਸ. ਦਿਲਬਾਗ ਸਿੰਘ ਸਮੇਤ ਸਮੂਹ ਸਟਾਫ਼ ਅਤੇ ਸੰਗਤਾਂ ਹਾਜ਼ਰ ਸਨ।

**ਐਡਵੋਕੇਟ ਧਾਮੀ ਵੱਲੋਂ ਵੱਡੇ ਸਾਹਿਜ਼ਾਦਿਆਂ ਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ**

ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆਂ ਅਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਜਾਰੀ ਇੱਕ ਬਿਆਨ ਵਿੱਚ ਐਡਵੋਕੇਟ ਧਾਮੀ ਨੇ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਧਰਮ ਪ੍ਰਤੀ ਦ੍ਰਿੜ੍ਹਤਾ ਅਤੇ ਹੱਕ ਸੱਚ ਨਾਲ ਖੜ੍ਹਣ ਦੀ ਵਚਨਬੱਧਤਾ ਬਾਰੇ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦਾ ਜੀਵਨ ਇਤਿਹਾਸ ਸਿੱਖ ਨੌਜੁਆਨੀ ਲਈ ਮਾਰਗ ਦਰਸ਼ਨ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਅੰਦਰ ਦਰਜ ਇਨ੍ਹਾਂ ਸ਼ਹਾਦਤਾਂ ਦੀ ਗਾਥਾ ਪੜ੍ਹ-ਸੁਣ ਕੇ ਸਿੱਖ ਜਿਸ ਮਾਣ ਦੇ ਸਨਮੁੱਖ ਹੁੰਦੇ ਹਨ, ਉਹ ਆਪਣੇ ਆਪ ਵਿਚ ਲਾਸਾਨੀ ਅਤੇ ਗੌਰਵਮਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਹਾਦਤਾਂ ਨੂੰ ਯਾਦ ਕਰਦਿਆਂ ਕੌਮ ਦੀਆਂ ਭਵਿੱਖੀ ਤਰਜੀਹਾਂ ਨਿਰਧਾਰਤ ਕਰਨ ਦੇ ਨਾਲ-ਨਾਲ ਚੜ੍ਹਦੀ ਕਲਾ ਲਈ ਸੰਕਲਪ ਕਰਨਾ ਚਾਹੀਦਾ ਹੈ।

### ਬਾਬਾ ਬਕਾਲਾ ਸਾਹਿਬ ਵਿੱਚ ਨੈਸ਼ਨਲ ਲੋਕ ਅਦਾਲਤ 'ਚ ਹੋਇਆ 326 ਕੇਸਾਂ ਦਾ ਨਿਪਟਾਰਾ ਅਤੇ

# 14 ਕਰੋੜ 43 ਲੱਖ 4 ਹਜਾਰ 682 ਰੁਪਏ ਦੇ ਅਵਾਰਡ ਪਾਸ



**ਚੌਕ ਮਹਿਤਾ, 22 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੀਆਂ ਹਦਾਇਤਾਂ ਅਨੁਸਾਰ ਸ੍ਰੀਮਤੀ ਜਤਿੰਦਰ ਕੌਰ ਜਿਲਾ ਸੇਸ਼ਨਜ ਜੱਜ- ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੇ ਯਤਨਾ ਸਦਕਾ ਅੱਜ ਸਬ ਡਵੀਜਨ ਕੋਰਟ ਬਾਬਾ ਬਕਾਲਾ ਸਾਹਿਬ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਦਿਵਾਨੀ ਅਤੇ ਫੌਜ਼ਦਾਰੀ ਕੇਸਾ ਤੋ ਇਲਾਵਾ ਚੈਕ ਬਾਉਂਸ, ਬੈਂਕ ਰਿਕਵਰੀ, ਜਮੀਨੀ ਵਿਵਾਦਾਂ, ਘਰੇਲੂ ਝਗੜੀਆਂ ਅਤੇ ਹੋਰ ਤਕਰੀਬਨ ਸਾਰੇ ਕਿਸਮਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ ਅਤੇ ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਜੀ ਦੀਆ ਅਦਾਲਤਾ ਵੱਲੋਂ ਕੁੱਲ 363 ਕੇਸ ਸੁਣਵਾਈ ਵਾਸਤੇ ਰੱਖੇ ਗਏ ਸਨ, ਜਿਹਨਾਂ ਵਿੱਚੋਂ 326 ਕੇਸਾਂ ਦਾ ਆਪਸੀ ਰਾਜੀਨਾਮੇ ਨਾਲ ਨਿਪਟਾਰਾ ਕੀਤਾ ਗਿਆ ਅਤੇ 14 ਕਰੋੜ 43 ਲੱਖ 4 ਹਜਾਰ 682 ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਇਸ ਦੋਰਾਨ ਮਾਣਯੋਗ ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ , ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਵੱਲੋਂ ਲੋਕਾਂ ਨੂੰ ਲੋਕ ਅਦਾਲਤ ਦੇ ਮਹੱਤਵ ਤੋ ਜਾਣੂ ਕਰਵਾਉਂਦੇ ਹੋਏ ਦੱਸਿਆ ਗਿਆ ਕੀ ਲੋਕ ਅਦਾਲਤ ਵਿੱਚ ਦੋਵਾਂ ਧਿਰਾਂ ਦਾ ਰਾਜੀਨਾਮੇ ਤਹਿਤ ਫੈਸਲਾ ਕਰਵਾਇਆ ਜਾਂਦਾ ਹੈ। ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਇਨਸਾਫ ਮਿਲਦਾ ਹੈ। ਲੋਕ ਅਦਾਲਤਾਂ ਦੇ ਫੈਸਲੇ ਦੀ ਕੋਈ ਅਪੀਲ ਨਹੀ ਹੁੰਦੀ। ਦੋਹਾਂ ਧਿਰਾਂ ਵਿੱਚ ਪਿਆਰ ਵੱਧਦਾ ਹੈ। ਜਿਹੜੇ ਵਿਅਕਤੀ ਆਪਣੇ ਸਮਝੌਤੇ ਯੋਗ ਕੇਸਾਂ ਦਾ ਲੋਕ ਅਦਾਲਤ ਰਾਹੀਂ ਨਿਪਟਾਰਾ ਚਾਹੁੰਦੇ ਹਨ ਉਹ ਸਬੰਧਤ ਅਦਾਲਤ ਵਿੱਚ ਜਿੱਥੇ ਉਨਾਂ ਦਾ ਕੇਸ ਲੰਭਿਤ ਹੈ, ਆਪਣੀ ਅਰਜ਼ੀ ਲਗਾਂ ਸਕਦੇ ਹਨ ਜਾਂ ਨਵੇ ਮਾਮਲੀਆਂ ਦਾ ਨਿਪਟਾਰਾ ਲੋਕ ਅਦਾਲਤ ਰਾਹੀਂ ਕਰਵਾਉਣ ਲਈ ਸਬੰਧਤ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਾਂ ਉਪ ਮੰਡਲ ਕਾਨੂੰਨੀ ਸੇਵਾਵਾਂ ਕਮੇਟੀ ਦੇ ਦਫਤਰ ਵਿਖੇ ਆਪਣੀ ਅਰਜ਼ੀ ਦੇ ਸਕਦੇ ਹਨ ਉਹਨਾ ਹੋਰ ਕਿਹਾ ਕਿ ਲੋਕ ਅਦਾਲਤ ਜਿਸ ਨੂੰ ਦੁਜੇ ਸ਼ਬਦਾ ਵਿੱਚ ਲੋਕ ਨਿਆਇਕ ਪ੍ਰਣਾਲੀ ਵੀ ਆਖਿਆ ਜਾਂਦਾ ਹੈ, ਦੇ ਰਾਹੀਂ ਆਮ ਜਨਤਾ ਆਪਣੇ ਵਿਚਾਰ ਖੁੱਲ ਕੇ ਪੇਸ਼ ਕਰ ਸਕਦੇ ਹਨ ਅਤੇ ਆਪਣੇ ਝਗੜੀਆਂ ਸਬੰਧੀ ਸਬੰਧਤ ਅਦਾਲਤ ਜਿੱਥੇ ਉਹਨਾ ਦਾ ਕੇਸ ਲੰਭਿਤ ਹੈ ਬਗੈਰ ਕਿਸੇ ਵਕੀਲ ਸਾਹਿਬਾਨ ਤੋਂ ਰੱਖ ਸਕਦੇ ਹਨ ਅਤੇ ਇਹਨਾਂ ਲੋਕ ਅਦਾਲਤਾਂ ਦੇ ਰਾਹੀਂ ਆਪਣੇ ਝਗੜੇ ਸ਼ਾਂਤ-ਮਈ ਢੰਗ ਨਾਲ, ਸ਼ਾਂਤ-ਮਈ ਵਾਤਾਵਰਨ ਵਿੱਚ ਮੁੱਕਾ ਸਕਦੇ ਹਨ। ਇਸ ਤਰ੍ਹਾਂ ਜਦੋਂ ਸ਼ਾਂਤ-ਮਈ ਢੰਗ ਨਾਲ ਕੇਸਾਂ ਦਾ ਨਿਪਟਾਰਾ ਹੁੰਦਾ ਹੈ ਤਾਂ ਸਮਾਜ ਵਿੱਚ ਭਾਈਚਾਰਕ ਸਾਂਝ ਬਣੀ ਰਹਿੰਦੀ ਹੈ ਅਤੇ ਲੋਕਾਂ ਦਾ ਆਪਸ ਵਿੱਚ ਪਿਆਰ ਵੱਧਦਾ ਹੈ । ਇਸ ਤਰਾ ਅਦਾਲਤਾ ਦਾ ਵੀ ਵਾਧੂ ਦੇ ਝਗੜਿਆ ਦਾ ਬੋਝ ਘੱਟਦਾ ਹੈ, ਲੋਕ ਅਦਾਲਤਾਂ ਵਿੱਚ ਫੈਸਲਾ ਹੋਣ ਉਪਰੰਤ ਸਿਵਲ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਧਿਰਾਂ ਨੂੰ ਵਾਪਸ ਮਿਲ ਜਾਂਦੀ ਹੈ। ਇਸ ਦੇ ਨਾਲ ਲੋਕ ਅਦਾਲਤਾਂ ਦੇ ਮੁੱਢਲੇ ਟੀਚੇ ਸਦਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਸਮਝੌਤਿਆ ਰਾਹੀਂ ਝਗੜੀਆਂ ਦਾ ਨਿਪਟਾਰਾ ਕਰਨਾ ਨੂੰ ਪੂਰਾ ਕੀਤਾ ਗਿਆ। ਜਿਸ ਕਾਰਨ ਪਾਰਟੀਆਂ ਦਾ ਕੀਮਤੀ ਸਮਾਂ ਅਤੇ ਪੈਸੇ ਦੀ ਬਚਤ ਹੋਈ। ਇਸ ਮੌਕੇ ਲੋਕ ਅਦਾਲਤ ਦੇ ਮੈਬਰ ਐਡਵੋਕੇਟ ਸੁਰਿੰਦਰ ਕੌਰ , ਐਡਵੋਕੇਟ ਰਮਨਦੀਪ ਕੌਰ, ਐਡਵੋਕੇਟ ਸੁਖਵਿੰਦਰ ਕੌਰ , ਐਡਵੋਕੇਟ ਅਮਨਦੀਪ ਕੌਰ ਤੋ ਇਲਾਵਾ ਰਕੇਸ਼ ਕੁਮਾਰ, ਰੀਡਰ ਦੀਪਕ ਰਾਏ , ਕਰਨਬੀਰ ਸਿੰਘ ਭੰਗਾਚੜੀ, ਰੀਡਰ ਰਾਜੀਵ, ਨਾਜਰ ਧਰਮਪਾਲ ਸਿੰਘ ਗਡਵਾਲ , ਐਹਲਮਦ ਅਵਤਾਰ ਸਿੰਘ, ਐਹਲਮਦ ਬਚਿੱਤਰ ਸਿੰਘ, ਅਹੈਲਮਦ ਜੋਬਨਜੀਤ ਸਿੰਘ, ਅਹੈਲਮਦ ਮਮਤਾ ਰਾਣੀ , ਸਟੈਨੋ ਨਰੇਸ਼ ਕੁਮਾਰ, ਸਟੈਨੋ ਰਾਜੀਵ ਕੁਮਾਰ , ਰੀਡਰ ਕਾਮਨੀ , ਸਟੈਨੋ ਸੋਨੂੰ ਕੁਮਾਰ, ਹਰਵਿੰਦਰ ਸਿੰਘ, ਸਟੈਨੋ ਜੋਤੀ ਰਾਣੀ ,ਸਟੈਨੋ ਅੰਕਿਤ, ਜੱਜਮੈਂਟ ਰਾਈਟਰ ਜੁਸ਼ਾਨ ,ਗੁਰਦੇਵ ਸਿੰਘ, ਜਗਮੀਤ ਸਿੰਘ , ਪ੍ਰਦੀਪ ਸਿੰਘ, ਐਹਲਮਦ ਲਵ ਸ਼ਰਮਾ ਸਿਵਲ , ਅਹੈਲਮਦ ਲਵਪ੍ਰੀਤ ਸਿੰਘ, ਐਹਲਮਦ ਪ੍ਰਵੀਨ ਕੌਰ, ਗੁਰਪ੍ਰੀਤ ਕੌਰ ਸ਼ਰਮਾ ,ਜੀਨੀਆ , ਵੋਹਰਾ , ਚੋਧਰੀ ਅਸ਼ਵਨੀ ਕੁਮਾਰ, ਰੀਡਰ ਪਵਨ ਕੁਮਾਰ, ਮਨਜਿੰਦਰ ਸਿੰਘ ਮੋਨੂੰ , ਪ੍ਰਗਟ ਸਿੰਘ, ਇਕਬਾਲ ਸਿੰਘ , ਪ੍ਰਕਾਸ਼ ਰਾਵਤ ਜਜਮੈਂਟ ਰਾਈਟਰ, ਪੀ.ਐਲ.ਵੀ ਦੀਪਿਕਾ ਨਾਇਬ ਕੋਰਟ ਥਾਣੇਦਾਰ ਬਲਵਿੰਦਰ ਸਿੰਘ, ਨਾਇਬ ਕੋਰਟ ਥਾਣੇਦਾਰ ਨਿਰਮਲ ਸਿੰਘ , ਨਾਇਬ ਕੋਰਟ ਥਾਣੇਦਾਰ ਬਲਜਿੰਦਰ ਸਿੰਘ ਅਤੇ ਨਾਇਬ ਕੋਰਟ ਥਾਣੇਦਾਰ ਸਤਪਾਲ ਸਿੰਘ ਵੀ ਹਾਜ਼ਰ ਸਨ।

# ਐਸਐਫਜੇ ਵਲੋਂ 24 ਦਸੰਬਰ ਨੂੰ ਢਾਕਾ ਤੋਂ ਓਟਾਵਾ, ਲੰਡਨ, ਵਾਸ਼ਿੰਗਟਨ ਡੀਸੀ ਤੱਕ ਭਾਰਤੀ ਦੂਤਾਵਾਸਾਂ ਦੇ ਹੋਣਗੇ ਘੇਰਾਓ

## ਭਾਰਤੀ ਅੰਬੈਸੀਆਂ ਦੇ ਘੇਰਾਓ ਨਾਲ ਮੋਦੀ ਸ਼ਾਸਨ ਅਧੀਨ ਕੀਤੇ ਗਏ ਕਤਲਾਂ 'ਤੇ ਖਿੱਚਿਆ ਜਾਏਗਾ ਅੰਤਰਰਾਸ਼ਟਰੀ ਧਿਆਨ



ਨਵੀਂ ਦਿੱਲੀ 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):– ਸਿੱਖਸ ਫਾਰ ਜਸਟਿਸ ਦੇ ਜਨਰਲ ਕਾਉਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ, "ਉਸਮਾਨ ਹਾਦੀ ਅਤੇ ਸ਼ਹੀਦ ਨਿੱਝਰ ਦੇ ਖ਼ੂਨ ਦੇ ਧੱਬੇ ਢਾਕਾ ਤੋਂ ਲੈ ਕੇ ਡੀਸੀ ਤੱਕ ਹਰ ਭਾਰਤੀ ਦੂਤਾਵਾਸ ਅਤੇ ਕੌਂਸਲੇਟ ਨੂੰ ਢੱਕਣ ਅਤੇ ਹਿਲਾ ਦੇਣ ਵਾਲੇ ਹਨ। ਕੈਨੇਡਾ ਦੇ ਖਾਲਿਸਤਾਨ ਰੈਫਰੈਂਡਮ ਦੇ ਪ੍ਰਬੰਧਕ ਸ਼ਹੀਦ ਹਰਦੀਪ ਸਿੰਘ ਨਿੱਝਰ ਅਤੇ ਓਸਮਾਨ ਹਾਦੀ ਦੀ ਹੱਤਿਆ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵਿਚਾਰਧਾਰਾ ਦੇ ਪੈਰੋਕਾਰ ਕੁਝ ਭਾਰਤੀ ਤੱਤ ਖੁੱਲ੍ਹੇਆਮ ਜਸ਼ਨ ਮਨਾ ਰਹੇ ਹਨ । ਜਿਵੇਂ ਕਿ ਸਾਬਕਾ ਅਮਰੀਕੀ ਰਾਸ਼ਟਰਪਤੀ ਜੌਨ ਐਫ. ਕੈਨੇਡੀ ਨੇ ਕਿਹਾ ਸੀ ਜਿਹੜੇ ਲੋਕ ਸ਼ਾਂਤੀਪੂਰਨ ਇਨਕਲਾਬ ਨੂੰ ਅਸੰਭਵ ਬਣਾਉਂਦੇ ਹਨ, ਉਹ ਹਿੰਸਕ ਇਨਕਲਾਬ ਨੂੰ ਅਟੱਲ ਬਣਾ ਦੇਣਗੇ। ਗੁਰਪਤਵੰਤ ਸਿੰਘ ਪਨੂੰ ਨੇ ਕਿਹਾ ਸਿੱਖਸ ਫਾਰ ਜਸਟਿਸ ਬੰਗਲਾਦੇਸ਼ ਦੇ ਲੋਕਾਂ, ਜਿਨ੍ਹਾਂ ਵਿੱਚ ਇਨਕਲਾਬ ਮੰਚ ਵੀ ਸ਼ਾਮਲ ਹੈ, ਨੂੰ ਖਾਲਿਸਤਾਨ ਪੱਖੀ ਸਿੱਖਾਂ ਨਾਲ ਜੁੜਨ ਦੀ ਅਪੀਲ ਕਰਦਾ ਹੈ ਅਤੇ ਮੋਦੀ ਸ਼ਾਸਨ ਅਧੀਨ ਕੀਤੇ ਗਏ ਕਤਲਾਂ 'ਤੇ ਅੰਤਰਰਾਸ਼ਟਰੀ ਧਿਆਨ ਖਿੱਚਣ ਲਈ 24 ਦਸੰਬਰ ਨੂੰ ਦੋ ਘੰਟਿਆਂ ਲਈ ਭਾਰਤੀ ਦੂਤਾਵਾਸਾਂ ਦਾ ਘੇਰਾਓ ਕੀਤਾ ਜਾਏ । ਇਨਕਲਾਬ ਮੰਚ ਅਤੇ ਖਾਲਿਸਤਾਨ ਰੈਫਰੈਂਡਮ ਕਾਰਕੁਨਾਂ ਨਾਲ ਜੁੜੀ ਹੱਤਿਆ ਦੀ ਯੋਜਨਾ ਦੇ ਸੰਬੰਧ ਵਿੱਚ ਪਛਾਣੇ ਗਏ ਭਾਰਤੀ ਦੂਤਾਵਾਸਾਂ ਅਤੇ ਕੌਂਸਲੇਟਾਂ ਵਿੱਚ ਸ਼ਾਮਲ ਹਨ "ਢਾਕਾ" ਜਿੱਥੇ ਪ੍ਰਣਯ ਵਰਮਾ ਨੇ ਓਸਮਾਨ ਹਾਦੀ ਦੀ ਹੱਤਿਆ ਦੀ ਸਾਜ਼ਿਸ਼ ਰਚੀ ਸੀ, "ਓਟਾਵਾ" ਜਿੱਥੇ ਦਿਨੇਸ਼ ਪਟਨਾਇਕ ਇੰਦਰਜੀਤ ਸਿੰਘ ਗੋਸਲ ਦੀ ਹੱਤਿਆ ਦੀ ਯੋਜਨਾ ਬਣਾ ਰਿਹਾ ਹੈ, "ਲੰਡਨ" ਜਿੱਥੇ ਵਿਕਰਮ ਦੋਰਾਈਸਵਾਮੀ ਪਰਮਜੀਤ ਸਿੰਘ ਪੰਮਾ ਦੀ ਹੱਤਿਆ ਦੀ ਸਾਜ਼ਿਸ਼ ਰਚ ਰਿਹਾ ਹੈ; ਅਤੇ "ਵਾਸ਼ਿੰਗਟਨ ਡੀਸੀ" ਜਿੱਥੇ ਵਿਨੈ ਕਵਾਤਰਾ ਖਾਲਿਸਤਾਨ ਪੱਖੀ ਸਿੱਖਾਂ ਵਿਰੁੱਧ ਹੱਤਿਆ ਦੀਆਂ ਸਾਜ਼ਿਸ਼ਾਂ ਰਚ ਰਿਹਾ ਹੈ। ਉਨ੍ਹਾਂ ਕਿਹਾ ਇੱਕ ਹਿੰਦੂ ਬੰਗਲਾਦੇਸ਼ੀ ਨਾਗਰਿਕ ਦੀਪੂ ਦਾਸ ਦੀ ਹੱਤਿਆ ਬਹੁਤ ਮੰਦਭਾਗੀ ਹੈ। ਹਾਲਾਂਕਿ, ਭਾਰਤ ਦਾ ਝੂਠੇ ਕਾਰਜਾਂ ਦਾ ਇੱਕ ਲੰਮਾ ਰਿਕਾਰਡ ਹੈ, ਜਿਸ ਵਿੱਚ ਨਾਗਰਿਕਾਂ ਨੂੰ ਮਾਰਨਾ ਅਤੇ ਦੇਸ਼ਾਂ ਨੂੰ ਅਸਥਿਰ ਕਰਨ, ਚੋਣਾਂ ਨੂੰ ਪ੍ਰਭਾਵਿਤ ਕਰਨ ਅਤੇ ਗੁਆਂਢੀ ਰਾਜਾਂ ਵਿਰੁੱਧ ਹਮਲੇ ਨੂੰ ਜਾਇਜ਼ ਠਹਿਰਾਉਣ ਲਈ ਦੋਸ਼ ਲਗਾਉਣਾ ਸ਼ਾਮਲ ਹੈ। ਇਸ ਲਈ ਦੀਪੂ ਦਾਸ ਦੀ ਹੱਤਿਆ ਵਿੱਚ ਭਾਰਤ ਦੀ ਭੂਮਿਕਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਪੰਨੂ ਨੇ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮੁੱਖਾਤਬਿਕ ਹੁੰਦੇ ਕਿਹਾ ਧਿਆਨ ਰੱਖੋ ਜਦੋਂ ਰਾਜ ਦੀ ਹਿੰਸਾ ਦੁਆਰਾ ਸ਼ਾਂਤਮਈ ਆਵਾਜ਼ਾਂ ਨੂੰ ਚੁੱਪ ਕਰਾਇਆ ਜਾਂਦਾ ਹੈ, ਤਾਂ ਨਤੀਜੇ ਹੁਣ ਕੋਈ ਵਿਕਲਪ ਨਹੀਂ ਰਹਿੰਦੇ ਉਹ ਨਤੀਜਾ ਹੀ ਹੁੰਦੇ ਹਨ।

## ਕੇਂਦਰ ਸਰਕਾਰ ਨੇ ਮਨਰੇਗਾ ਨੂੰ ਅਸਿੱਧੇ ਰੂਪ 'ਚ ਖਤਮ ਕਰਕੇ 12 ਕਰੋੜ ਮਜ਼ਦੂਰਾਂ ਨਾਲ ਕੀਤਾ ਧੋਖਾ: ਚੇਅਰਮੈਨ ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ ) ਮੁੱਖ ਮੰਤਰੀ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲੰਬੇ ਸਮੇਂ ਤੋਂ ਚੱਲ ਰਹੀ ਅਤੇ ਪੇਂਡੂ ਗਰੀਬ ਮਜ਼ਦੂਰਾਂ ਨੂੰ ਰੁਜ਼ਗਾਰ ਦੀ ਗਰੰਟੀ ਦੇਣ ਵਾਲੀ ਯੋਜਨਾ ਮਨਰੇਗਾ ਨੂੰ ਅਸਿੱਧੇ ਰੂਪ ਚ ਖਤਮ ਕਰਨ ਦਾ ਫੈਸਲਾ ਕਰੋੜਾਂ ਮਜ਼ਦੂਰਾਂ ਦੇ ਜੱਥੇਬੰਦ ਬੁਨਿਆਦੀ ਹੱਕ ਟੀਮ ਡਾਕਾ ਹੈ । ਉਹਨਾਂ ਕਿਹਾ ਕਿ ਰਾਜ ਸਰਕਾਰਾਂ ਤੇ ਪਹਿਲਾਂ ਹੀ ਕਰਜੇ ਹੇਠ ਦੱਬੀਆਂ ਹਨ, ਉਹ ਆਪਣੇ ਹਿਸੇ ਦਾ 40% ਕਿੱਥੋਂ ਦੇਣਗੀਆਂ ? ਉਪਰੋਂ ਪੰਚਾਇਤਾਂ ਦੇ ਅਧਿਕਾਰ ਵੀ ਘਟਾ ਦਿੱਤੇ ਗਏ ਹਨ ਅਤੇ ਤਿੰਨ ਵਾਰ ਡਿਜੀਟਲ ਹਾਜ਼ਰੀ ਦੇ ਨਾਲ ਮਜ਼ਦੂਰਾਂ ਦਾ ਅਪਮਾਨ ਹੈ। ਉਨ੍ਹਾਂ ਕਿਹਾ ਕੀ ਸਰਕਾਰ ਬਾਕੀ ਕਰਮਚਾਰੀਆਂ ਦੀ ਵੀ ਤਿੰਨ ਵਾਰ ਹਾਜ਼ਰੀ ਲਗਾਏਗੀ ? ਪਾਣੀ ਦੀ ਯੋਜਨਾ ਛੱਪੜ ਦੀ ਯੋਜਨਾ ਸਿਰੇ ਚੜਾਉਣ ਲਈ ਮਜ਼ਦੂਰਾਂ ਨੂੰ ਵਿੱਚੋਂ ਕੱਢ ਕੇ ਮਸ਼ੀਨਾਂ ਰਾਹੀਂ ਕੰਮ ਕਰਾਉਣ ਦਾ ਰਾਹ ਲੱਭ ਲਿਆ ਗਿਆ ਹੈ । ਇਸ ਨਾਲ ਉਹ ਸਰਕਾਰਾਂ ਜੋ ਭਾਜਪਾ ਦੀਆਂ ਵਿਰੋਧੀ ਪਾਰਟੀਆਂ ਦੀਆਂ ਹਨ, ਉਹ ਆਪਣਾ ਮਨਰੇਗਾ ਦਾ ਕੰਮ ਨਹੀਂ ਕਰ ਸਕਣਗੀਆਂ। ਮਹਾਤਮਾ ਗਾਂਧੀ ਜੀ ਦਾ ਨਾਂਅ ਕੱਟ ਕੇ ਕੇਂਦਰ ਸਰਕਾਰ ਨੇ ਰਾਸ਼ਟਰ ਪਿਤਾ ਦਾ ਵੀ ਅਪਮਾਨ ਕੀਤਾ ਹੈ। ਭਾਰਤ ਦੇ ਲੋਕ ਇਸ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕਰਨਗੇ ਦਿੱਲੀ ਦੀ ਕੇਂਦਰੀ ਸਰਕਾਰ ਨੂੰ ਚਾਹੀਦਾ ਸੀ ਕਿ ਇਹ ਕਾਨੂੰਨ ਨੂੰ ਰਾਸ਼ਟਰਪਤੀ ਕੋਲ ਭੇਜਣ ਤੋਂ ਪਹਿਲਾਂ ਸੰਸਦੀ ਕਮੇਟੀ ਨੂੰ ਭੇਜਦੀ ਤੇ ਇਸ ਕਾਨੂੰਨ ਤੇ ਸਾਰੇ ਦੇਸ਼ ਵਿੱਚ ਚਰਚਾ ਹੋਣੀ ਚਾਹੀਦੀ ਹੈ।

## ਨਿਊਜ਼ੀਲੈਂਡ 'ਚ ਕੱਢੇ ਗਏ ਨਗਰ ਕੀਰਤਨ ਦਾ ਵਿਰੋਧ ਕਰਨਾ ਨਿੰਦਣਯੋਗ- ਗੁਰਪ੍ਰੀਤ ਸਿੰਘ ਦੂਲਵਾਂ



**ਪਟਿਆਲਾ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਥ ਵਿੰਗ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਗੁਰਪ੍ਰੀਤ ਸਿੰਘ ਦੂਲਵਾਂ ਨੇ ਕਿਹਾ ਕਿ ਨਿਊਜ਼ੀਲੈਂਡ ਵਿਚ ਹੋਏ ਸਿੱਖਾਂ ਵੱਲੋਂ ਕੱਢੇ ਨਗਰ ਕੀਰਤਨ ਦਾ ਕੁਝ ਸਥਾਨਕ ਲੋਕਾਂ ਵੱਲੋਂ ਵਿਰੋਧ ਕਰਨਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਸਿੱਖ ਧਰਮ ਦੀ ਇੱਕ ਪਵਿੱਤਰ ਧਾਰਮਿਕ ਪਰੰਪਰਾ ਹੈ ਜੋ ਸਮਾਜ ਵਿਚ ਆਪਸੀ ਸਾਂਝ, ਪਿਆਰ ਅਤੇ ਏਕਤਾ ਦਾ ਸੰਦੇਸ਼ ਦਿੰਦੀ ਹੈ। ਅਜਿਹੇ ਧਾਰਮਿਕ ਸਮਾਗਮਾਂ ਦਾ ਵਿਰੋਧ ਕਰਨਾ ਗੁਰੂ ਸਾਹਿਬਾਨ ਦੇ ਸਰਬ-ਸਾਂਝੇ ਸੰਦੇਸ਼ 'ਤੇ ਸਿੱਧੀ ਸੱਟ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਸਦਾ ਤੋਂ ਹੀ ਵਿਸ਼ਵ ਭਾਈਚਾਰੇ ਦੀ ਭਲਾਈ, ਸ਼ਾਂਤੀ, ਸਹਿਣਸ਼ੀਲਤਾ ਅਤੇ ਤਰੱਕੀ ਲਈ ਆਪਣਾ ਮਿਸਾਲੀ ਯੋਗਦਾਨ ਪਾਉਂਦਾ ਆ ਰਿਹਾ ਹੈ, ਪਰ ਇਸ ਦੇ ਬਾਵਜੂਦ ਸਿੱਖਾਂ ਦੀਆਂ ਧਾਰਮਿਕ ਰਵਾਇਤਾਂ ਨੂੰ ਨਫ਼ਰਤੀ ਨਜ਼ਰੀਏ ਨਾਲ ਦੇਖਿਆ ਜਾਣਾ ਅਤਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਕੁਦਰਤੀ ਆਫਤਾਂ ਸਮੇਂ ਸਿੱਖ ਭਾਈਚਾਰਾ ਹੀ ਵਿਸ਼ਵ ਪੱਧਰ ਤੇ ਲੋਕ ਭਲਾਈ ਦੇ ਕੰਮ ਕਰਦਾ ਆ ਰਿਹਾ ਹੈ ਅਤੇ ਕਰਦਾ ਰਹੇਗਾ। ਉਨ੍ਹਾਂ ਸਿੱਖ ਨਿਊਜ਼ੀਲੈਂਡ ਅਤੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਦਾ ਗੰਭੀਰਤਾ ਨਾਲ ਨੋਟਿਸ ਲੈਣ ਅਤੇ ਸਿੱਖ ਭਾਈਚਾਰੇ ਨੂੰ ਆਪਣੇ ਧਾਰਮਿਕ ਅਧਿਕਾਰਾਂ ਦੇ ਅਨੁਸਾਰ ਸਮਾਗਮ ਕਰਨ ਲਈ ਸੁਰੱਖਿਅਤ ਅਤੇ ਸਹਿਯੋਗੀ ਮਾਹੌਲ ਮੁਹੱਈਆ ਕਰਵਾਉਣ।

ਜੁਡੀਸ਼ੀਅਲ ਮੈਜਿਸਟ੍ਰੇਟ ਬਾਬਾ ਬਕਾਲਾ ਸਾਹਿਬ ਵੱਲੋਂ

# ਨਸ਼ਿਆ ਵਿਰੁੱਧ ਰੈਲੀ ਦਾ ਆਯੋਜਨ






ਚੌਕ ਮਹਿਤਾ,22 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੀਆਂ ਹਦਾਇਤਾਂ ਅਨੁਸਾਰ ਸ੍ਰੀਮਤੀ ਜਤਿੰਦਰ ਕੌਰ ਜਿਲਾ ਸੇਸ਼ਨਜ ਜੱਜ- ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੇ ਯਤਨਾ ਸਦਕਾ ਅੱਜ ਸਬ ਡਵੀਜਨ ਕੋਰਟ ਬਾਬਾ ਬਕਾਲਾ ਸਾਹਿਬ ਵਿਖੇ ਨਸ਼ਿਆ ਵਿਰੁੱਧ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਵਿਚ ਸਰਦਾਰ ਜਸਵਿੰਦਰ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਸੀਨੀਅਰ ਡਵੀਜ਼ਨ, ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ ਅਤੇ ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਬਾਬਾ ਬਕਾਲਾ ਸਾਹਿਬ ਸਮੂਹ ਸਟਾਫ, ਵਕੀਲ ਸਾਹਿਬਾਨ ਅਤੇ ਮਾਤਾ ਗੰਗਾ ਜੀ ਸੀਨੀਅਰ ਸਕੈਡਰੀ ਸਕੂਲ ਬਾਬਾ ਬਕਾਲਾ ਸਾਹਿਬ ਦੇ ਵਿਦਿਆਰਥੀਆ ਅਤੇ ਸਟਾਫ ਨੇ ਹਿਸਾ ਲਿਆ । ਇਸ ਮੋਕੇ ਜੱਜ ਸਾਹਿਬਾਨ ਨੇ ਨੋਜਵਾਨ ਵਰਗ ਅਤੇ ਸਮੂਹ ਸਮਾਜ ਨੂੰ ਨਸ਼ਿਆ ਤੋ ਦੂਰ ਰਹਿਣ ਦਾ ਸੁਨੇਹਾ ਦਿਤਾ ਅਤੇ ਇਹ ਰੈਲੀ ਕੋਰਟ ਕੰਪਲੈਕਸ ਤੋ ਸ਼ੁਰੂ ਹੋ ਕੇ ਬਾਬਾ ਬਕਾਲਾ ਸਾਹਿਬ ਦੇ ਬਜਾਰ ਵਿੱਚੋ ਗੁਜਰਦਿਆ ਨਸ਼ਿਆ ਵਿਰੁੱਧ ਵੱਖੋ-ਵੱਖ ਸਲੋਗਨਾ ਲਗਾਉਂਦਿਆ ਕੋਰਟ ਕੰਪਲੈਕਸ ਵਿੱਚ ਸਮਾਪਿਤ ਹੋਣੀ। ਇਸ ਮੌਕੇ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਬਾਠ, ਐਡਵੋਕੇਟ ਰਾਜਕਵਲਦੀਪ ਸਿੰਘ ਸੈਕਟਰੀ , ਮੈਬਰ ,ਐਡਵੋਕੇਟ ਹਰਜੋਤ ਕੌਰ ਲਹੌਰੀਆ, ਐਡਵੋਕੇਟ ਰਮਨਦੀਪ ਕੌਰ, ਐਡਵੋਕੇਟ ਸਵਿੰਦਰ ਕੌਰ ਗਿੱਲ , ਸੀਨੀਅਰ ਵਕੀਲ ਵੀ.ਕੇ ਸਿੰਘ ਮਲਹੋਰਤਾ, ਸੀਨੀਅਰ ਵਕੀਲ ਦਲਬੀਰ ਸਿੰਘ ਬਾਠ, ਸੀਨੀਅਰ ਵਕੀਲ ਦਲਬੀਰ ਸਿੰਘ ਬੇਦੀ ,ਵਕੀਲ ਵਰਿੰਦਰ ਸਿੰਘ, ਸੀਨੀਅਰ ਐਡਵੋਕੇਟ ਲੱਖਾ ਸਿੰਘ ਆਜ਼ਾਦ , ਐਡਵੋਕੇਟ ਗੁਰਇਕਬਾਲ ਸਿੰਘ, ਵਕੀਲ ਸਰਬਜੀਤ ਸਿੰਘ ਢਿਲੋ, ਵਕੀਲ ਹਰਪ੍ਰੀਤ ਸਿੰਘ ਸੇਖੋ,ਵਕੀਲ ਸ਼ੁਕਰਗੁਜ਼ਾਰ ਸਿੰਘ, ਵਕੀਲ ਵੀ ਕੇ ਜਸਵਾਲ , ਸੰਧੂ ਸੈਕਟਰੀ , ਵਕੀਲ ਹਰਪ੍ਰੀਤ ਸਿੰਘ ਬੱਲ, ਵਕੀਲ ਵਿਸ਼ਾਲ ਠਾਕਰ, ਐਡਵੋਕੇਟ ਦਲਜੀਤ ਸਿੰਘ ਸ਼ੇਰਗਿੱਲ, ਵਕੀਲ ਸੁਖਦੇਵ ਸਿੰਘ ਟਪਿਆਲਾ, ਵਕੀਲ ਬਿਕਰਮਜੀਤ ਸਿੰਘ ਬਾਠ, ਵਕੀਲ ਵਰਿੰਦਰ ਸਿੰਘ, ਐਡਵੋਕੇਟ ਸੁਰਿੰਦਰ ਕੌਰ , ਐਡਵੋਕੇਟ ਰਮਨਦੀਪ ਕੌਰ, ਐਡਵੋਕੇਟ ਸੁਖਵਿੰਦਰ ਕੌਰ , ਐਡਵੋਕੇਟ ਅਮਨਦੀਪ ਕੌਰ ਤੋ ਇਲਾਵਾ ਰਕੇਸ਼ ਕੁਮਾਰ, ਰੀਡਰ ਦੀਪਕ ਰਾਏ , ਕਰਨਬੀਰ ਸਿੰਘ ਸਟੈਨੋ ਭੰਗਚਿੜੀ , ਨਾਜਰ ਧਰਮਪਾਲ ਸਿੰਘ ਗਡਵਾਲ , ਐਹਲਮਦ ਅਵਤਾਰ ਸਿੰਘ, ਐਹਲਮਦ ਬਚਿੱਤਰ ਸਿੰਘ, ਅਹੈਲਮਦ ਜੋਬਨਜੀਤ ਸਿੰਘ, ਅਹੈਲਮਦ ਮਮਤਾ ਰਾਣੀ , ਸਟੈਨੋ ਨਰੇਸ਼ ਕੁਮਾਰ, ਸਟੈਨੋ ਰਾਜੀਵ ਕੁਮਾਰ , ਰੀਡਰ ਕਾਮਨੀ , ਸਟੈਨੋ ਸੋਨੂੰ ਕੁਮਾਰ, ਹਰਵਿੰਦਰ ਸਿੰਘ, ਸਟੈਨੋ ਜੋਤੀ ਰਾਣੀ ,ਸਟੈਨੋ ਅੰਕਿਤ, ਜੱਜਮੈਂਟ ਰਾਈਟਰ ਜੁਸ਼ਾਨ ,ਗੁਰਦੇਵ ਸਿੰਘ, ਜਗਮੀਤ ਸਿੰਘ , ਪ੍ਰਦੀਪ ਸਿੰਘ, ਐਹਲਮਦ ਲਵ ਸ਼ਰਮਾ ਸਿਵਲ , ਅਹੈਲਮਦ ਲਵਪ੍ਰੀਤ ਸਿੰਘ, ਐਹਲਮਦ ਪ੍ਰਵੀਨ ਕੌਰ, ਗੁਰਪ੍ਰੀਤ ਕੌਰ ਸ਼ਰਮਾ ,ਜੀਨੀਆ , ਪੰਕਜ ਵੋਹਰਾ , ਚੋਧਰੀ ਅਸ਼ਵਨੀ ਕੁਮਾਰ, ਰੀਡਰ ਪਵਨ ਕੁਮਾਰ, ਮਨਜਿੰਦਰ ਸਿੰਘ ਮੋਨੂੰ , ਪ੍ਰਗਟ ਸਿੰਘ, ਇਕਬਾਲ ਸਿੰਘ , ਪ੍ਰਕਾਸ਼ ਰਾਵਤ ਜਜਮੈਂਟ ਰਾਈਟਰ,ਸੁਖਵੀਰ ਕੌਰ, ਨਾਇਬ ਕੋਰਟ ਬਲਜਿੰਦਰ ਸਿੰਘ, ਕੋਰਟ ਥਾਣੇਦਾਰ ਬਲਵਿੰਦਰ ਸਿੰਘ, ਨਾਇਬ ਕੋਰਟ ਥਾਣੇਦਾਰ ਨਿਰਮਲ ਸਿੰਘ ਅਤੇ ਨਾਇਬ ਕੋਰਟ ਥਾਣੇਦਾਰ ਸਤਪਾਲ ਸਿੰਘ ਅਤੇ ਪੀ.ਐੱਲ. ਵੀ ਦੀਪਿਕਾ ਵੀ ਹਾਜ਼ਰ ਸੀ ।

ਜੁਡੀਸ਼ੀਅਲ ਮੈਜਿਸਟ੍ਰੇਟ ਬਾਬਾ ਬਕਾਲਾ ਸਾਹਿਬ ਵੱਲੋਂ

# ਨਸ਼ਿਆ ਵਿਰੁੱਧ ਰੈਲੀ ਦਾ ਆਯੋਜਨ



**ਚੌਕ ਮਹਿਤਾ, 22 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੀਆਂ ਹਦਾਇਤਾਂ ਅਨੁਸਾਰ ਸ੍ਰੀਮਤੀ ਜਤਿੰਦਰ ਕੌਰ ਜਿਲਾ ਸੇਸ਼ਨਜ ਜੱਜ- ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੇ ਯਤਨਾ ਸਦਕਾ ਅੱਜ ਸਬ ਡਵੀਜਨ ਕੋਰਟ ਬਾਬਾ ਬਕਾਲਾ ਸਾਹਿਬ ਵਿਖੇ ਨਸ਼ਿਆ ਵਿਰੁੱਧ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਵਿਚ ਸਰਦਾਰ ਜਸਵਿੰਦਰ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਸੀਨੀਅਰ ਡਵੀਜ਼ਨ, ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ ਅਤੇ ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਬਾਬਾ ਬਕਾਲਾ ਸਾਹਿਬ ਸਮੂਹ ਸਟਾਫ, ਵਕੀਲ ਸਾਹਿਬਾਨ ਅਤੇ ਮਾਤਾ ਗੰਗਾ ਜੀ ਸੀਨੀਅਰ ਸਕੈਡਰੀ ਸਕੂਲ ਬਾਬਾ ਬਕਾਲਾ ਸਾਹਿਬ ਦੇ ਵਿਦਿਆਰਥੀਆ ਅਤੇ ਸਟਾਫ ਨੇ ਹਿਸਾ ਲਿਆ । ਇਸ ਮੋਕੇ ਜੱਜ ਸਾਹਿਬਾਨ ਨੇ ਨੋਜਵਾਨ ਵਰਗ ਅਤੇ ਸਮੂਹ ਸਮਾਜ ਨੂੰ ਨਸ਼ਿਆ ਤੋ ਦੂਰ ਰਹਿਣ ਦਾ ਸੁਨੇਹਾ ਦਿਤਾ ਅਤੇ ਇਹ ਰੈਲੀ ਕੋਰਟ ਕੰਪਲੈਕਸ ਤੋ ਸ਼ੁਰੂ ਹੋ ਕੇ ਬਾਬਾ ਬਕਾਲਾ ਸਾਹਿਬ ਦੇ ਬਜਾਰ ਵਿੱਚੋ ਗੁਜਰਦਿਆ ਨਸ਼ਿਆ ਵਿਰੁੱਧ ਵੱਖੋ-ਵੱਖ ਸਲੋਗਨਾ ਲਗਾਉਂਦਿਆ ਕੋਰਟ ਕੰਪਲੈਕਸ ਵਿੱਚ ਸਮਾਪਿਤ ਹੋਣੀ। ਇਸ ਮੌਕੇ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਬਾਠ, ਐਡਵੋਕੇਟ ਰਾਜਕਵਲਦੀਪ ਸਿੰਘ ਸੈਕਟਰੀ , ਮੈਬਰ ,ਐਡਵੋਕੇਟ ਹਰਜੋਤ ਕੌਰ ਲਹੌਰੀਆ, ਐਡਵੋਕੇਟ ਰਮਨਦੀਪ ਕੌਰ, ਐਡਵੋਕੇਟ ਸਵਿੰਦਰ ਕੌਰ ਗਿੱਲ , ਸੀਨੀਅਰ ਵਕੀਲ ਵੀ.ਕੇ ਸਿੰਘ ਮਲਹੋਰਤਾ, ਸੀਨੀਅਰ ਵਕੀਲ ਦਲਬੀਰ ਸਿੰਘ ਬਾਠ, ਸੀਨੀਅਰ ਵਕੀਲ ਦਲਬੀਰ ਸਿੰਘ ਬੇਦੀ ,ਵਕੀਲ ਵਰਿੰਦਰ ਸਿੰਘ, ਸੀਨੀਅਰ ਐਡਵੋਕੇਟ ਲੱਖਾ ਸਿੰਘ ਆਜ਼ਾਦ , ਐਡਵੋਕੇਟ ਗੁਰਇਕਬਾਲ ਸਿੰਘ, ਵਕੀਲ ਸਰਬਜੀਤ ਸਿੰਘ ਢਿਲੋ, ਵਕੀਲ ਹਰਪ੍ਰੀਤ ਸਿੰਘ ਸੇਖੋ,ਵਕੀਲ ਸ਼ੁਕਰਗੁਜ਼ਾਰ ਸਿੰਘ, ਵਕੀਲ ਵੀ ਕੇ ਜਸਵਾਲ , ਸੰਧੂ ਸੈਕਟਰੀ , ਵਕੀਲ ਹਰਪ੍ਰੀਤ ਸਿੰਘ ਬੱਲ, ਵਕੀਲ ਵਿਸ਼ਾਲ ਠਾਕਰ, ਐਡਵੋਕੇਟ ਦਲਜੀਤ ਸਿੰਘ ਸ਼ੇਰਗਿੱਲ, ਵਕੀਲ ਸੁਖਦੇਵ ਸਿੰਘ ਟਪਿਆਲਾ, ਵਕੀਲ ਬਿਕਰਮਜੀਤ ਸਿੰਘ ਬਾਠ, ਵਕੀਲ ਵਰਿੰਦਰ ਸਿੰਘ, ਐਡਵੋਕੇਟ ਸੁਰਿੰਦਰ ਕੌਰ , ਐਡਵੋਕੇਟ ਰਮਨਦੀਪ ਕੌਰ, ਐਡਵੋਕੇਟ ਸੁਖਵਿੰਦਰ ਕੌਰ , ਐਡਵੋਕੇਟ ਅਮਨਦੀਪ ਕੌਰ ਤੋ ਇਲਾਵਾ ਰਕੇਸ਼ ਕੁਮਾਰ, ਰੀਡਰ ਦੀਪਕ ਰਾਏ , ਕਰਨਬੀਰ ਸਿੰਘ ਸਟੈਨੋ ਭੰਗਚਿੜੀ , ਨਾਜਰ ਧਰਮਪਾਲ ਸਿੰਘ ਗਡਵਾਲ , ਐਹਲਮਦ ਅਵਤਾਰ ਸਿੰਘ, ਐਹਲਮਦ ਬਚਿੱਤਰ ਸਿੰਘ, ਅਹੈਲਮਦ ਜੋਬਨਜੀਤ ਸਿੰਘ, ਅਹੈਲਮਦ ਮਮਤਾ ਰਾਣੀ , ਸਟੈਨੋ ਨਰੇਸ਼ ਕੁਮਾਰ, ਸਟੈਨੋ ਰਾਜੀਵ ਕੁਮਾਰ , ਰੀਡਰ ਕਾਮਨੀ , ਸਟੈਨੋ ਸੋਨੂੰ ਕੁਮਾਰ, ਹਰਵਿੰਦਰ ਸਿੰਘ, ਸਟੈਨੋ ਜੋਤੀ ਰਾਣੀ ,ਸਟੈਨੋ ਅੰਕਿਤ, ਜੱਜਮੈਂਟ ਰਾਈਟਰ ਜੁਸ਼ਾਨ ,ਗੁਰਦੇਵ ਸਿੰਘ, ਜਗਮੀਤ ਸਿੰਘ , ਪ੍ਰਦੀਪ ਸਿੰਘ, ਐਹਲਮਦ ਲਵ ਸ਼ਰਮਾ ਸਿਵਲ , ਅਹੈਲਮਦ ਲਵਪ੍ਰੀਤ ਸਿੰਘ, ਐਹਲਮਦ ਪ੍ਰਵੀਨ ਕੌਰ, ਗੁਰਪ੍ਰੀਤ ਕੌਰ ਸ਼ਰਮਾ ,ਜੀਨੀਆ , ਪੰਕਜ ਵੋਹਰਾ , ਚੋਧਰੀ ਅਸ਼ਵਨੀ ਕੁਮਾਰ, ਰੀਡਰ ਪਵਨ ਕੁਮਾਰ, ਮਨਜਿੰਦਰ ਸਿੰਘ ਮੋਨੂੰ , ਪ੍ਰਗਟ ਸਿੰਘ, ਇਕਬਾਲ ਸਿੰਘ , ਪ੍ਰਕਾਸ਼ ਰਾਵਤ ਜਜਮੈਂਟ ਰਾਈਟਰ,ਸੁਖਵੀਰ ਕੌਰ, ਨਾਇਬ ਕੋਰਟ ਬਲਜਿੰਦਰ ਸਿੰਘ, ਕੋਰਟ ਥਾਣੇਦਾਰ ਬਲਵਿੰਦਰ ਸਿੰਘ, ਨਾਇਬ ਕੋਰਟ ਥਾਣੇਦਾਰ ਨਿਰਮਲ ਸਿੰਘ ਅਤੇ ਨਾਇਬ ਕੋਰਟ ਥਾਣੇਦਾਰ ਸਤਪਾਲ ਸਿੰਘ ਅਤੇ ਪੀ.ਐੱਲ. ਵੀ ਦੀਪਿਕਾ ਵੀ ਹਾਜ਼ਰ ਸੀ ।

# ਨਿਊਜ਼ੀਲੈਂਡ 'ਚ ਨਗਰ ਕੀਰਤਨ ਦਾ ਵਿਰੋਧ ਮੰਦਭਾਗਾ ਅਤੇ ਚਿੰਤਾਜਨਕ- ਬਾਬਾ ਕਾਕਾ ਸਿੰਘ



ਤਲਵੰਡੀ ਸਾਬੋ, 22 ਦਸੰਬਰ (ਗੁਰਜੰਟ ਸਿੰਘ ਨਥੇਹਾ)- ਨਿਊਜ਼ੀਲੈਂਡ ਵਿੱਚ ਨਗਰ ਕੀਰਤਨ ਦਾ ਉੱਥੋਂ ਦੇ ਕੁਝ ਵਾਸ਼ਿੰਦਿਆਂ ਵੱਲੋਂ ਇੱਕ ਵਿਅਕਤੀ ਵਿਸ਼ੇਸ ਦੀ ਅਗਵਾਈ ਹੇਠ ਵਿਰੋਧ ਕਰਨਾ ਜਿੱਥੇ ਅਤਿ ਮੰਦਭਾਗਾ ਵਰਤਾਰਾ ਹੈ ਉੱਥੇ ਚਿੰਤਾਜਨਕ ਵੀ ਹੈ ਕਿਉਂਕਿ ਅਜਿਹੀ ਘਟਨਾ ਪਹਿਲਾਂ ਕਦੇ ਨਹੀ ਵਾਪਰੀ। ਨਿਊਜ਼ੀਲੈਂਡ ਸਰਕਾਰ ਨੂੰ ਚਾਹੀਦਾ ਹੈ ਕਿ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਿਆਂ ਖਿਲਾਫ ਕਾਰਵਾਈ ਕਰੇ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪ੍ਰਸਿੱਧ ਧਾਰਮਿਕ ਸੰਸਥਾ ਗੁਰਦੁਆਰਾ ਬੁੰਗਾ ਮਸਤੂਆਣਾ ਧਾਰਮਿਕ ਮਹਾਂ ਵਿਦਿਆਲਾ ਦਮਦਮਾ ਸਾਹਿਬ (ਤਲਵੰਡੀ ਸਾਬੋ) ਦੇ ਮੁਖੀ ਬਾਬਾ ਕਾਕਾ ਸਿੰਘ ਨੇ ਇੱਥੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਕੀਤਾ। ਬਾਬਾ ਕਾਕਾ ਸਿੰਘ ਨੇ ਕਿਹਾ ਕਿ ਸਿੱਖ ਕੌਮ ਸਰਬੱਤ ਦਾ ਭਲਾ ਮੰਗਣ ਵਾਲੀ ਕੌਮ ਹੈ ਅਤੇ ਦੇਸ਼ ਜਾਂ ਵਿਦੇਸ਼ 'ਚ ਕਿਸੇ ਵੀ ਧਰਮ ਜਾਂ ਸਮਾਜ ਦੇ ਖਿਲਾਫ ਸਿੱਖਾਂ ਨੇ ਕਦੇ ਕੋਈ ਟੀਕਾ ਟਿੱਪਣੀ ਨਹੀ ਕੀਤੀ ਸਗੋਂ ਜਿਸ ਕਿਸੇ ਮੁਲਕ 'ਚ ਕਿਸੇ ਵੀ ਧਰਮ ਦੇ ਲੋਕਾਂ ਤੇ ਸੰਕਟ ਆਇਆ ਤਾਂ ਸਿੱਖਾਂ ਨੇ ਅੱਗੇ ਹੋ ਕੇ ਉਨਾਂ ਦੀ ਮਦੱਦ ਕੀਤੀ। ਉਨਾਂ ਕਿਹਾ ਕਿ ਨਿਊਜ਼ੀਲੈਂਡ 'ਚ ਵੀ ਸਿੱਖ ਵਰ੍ਹਿਆਂ ਤੋਂ ਭਾਈਚਾਰਕ ਸਾਂਝ ਬਣਾ ਕੇ ਰਹਿ ਰਹੇ ਹਨ ਅਤੇ ਖਾਸ ਗੱਲ ਇਹ ਕਿ ਨਗਰ ਕੀਰਤਨ ਸਜਾਉਣ ਦੀ ਉੱਥੋਂ ਦੇ ਕਾਨੂੰਨੀ ਕਾਇਦਿਆਂ ਮੁਤਾਬਿਕ ਸਰਕਾਰ ਤੋਂ ਪ੍ਰਵਾਨਗੀ ਹਾਸਲ ਕੀਤੀ ਗਈ ਸੀ ਫਿਰ ਵੀ ਅਜਿਹੀ ਘਟਨਾ ਵਾਪਰ ਜਾਣਾ ਚਿੰਤਾਜਨਕ ਹੈ। ਬਾਬਾ ਕਾਕਾ ਸਿੰਘ ਨੇ ਮੰਗ ਕੀਤੀ ਕਿ ਪਾਵਨ ਨਗਰ ਕੀਰਤਨ ਦਾ ਵਿਰੋਧ ਕਰਕੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਨਿਊਜ਼ੀਲੈਂਡ ਦੇ ਵਿਅਕਤੀ ਵਿਸ਼ੇਸ ਅਤੇ ਉਸਦੇ ਸਾਥੀਆਂ ਖਿਲਾਫ ਉੱਥੋਂ ਦੀ ਸਰਕਾਰ ਨੂੰ ਸਖਤ ਕਾਰਵਾਈ ਅਮਲ 'ਚ ਲਿਆਉਣੀ ਚਾਹਿਦੀ ਹੈ ਤਾਂ ਕਿ ਸਿੱਖ ਭਾਈਚਾਰਾ ਅੱਗੇ ਤੋਂ ਆਪਣੇ ਧਾਰਮਿਕ ਸਮਾਗਮਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਸੰਪੰਨ ਕਰਵਾ ਸਕੇ।

# ਸਿੱਖ ਕਤਲੇਆਮ ਵਿਚ ਨਾਮਜਦ ਸੱਜਣ ਕੁਮਾਰ ਵਿਰੁੱਧ ਫੈਸਲਾ 22 ਜਨਵਰੀ ਤਰੀਕ ਨੂੰ ਐਲਾਨਿਆ ਜਾਵੇਗਾ



ਨਵੀਂ ਦਿੱਲੀ 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਇੱਕ ਮਾਮਲੇ ਵਿੱਚ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ ਵਿਰੁੱਧ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਹੈ। ਅਦਾਲਤ ਨੇ ਆਪਣਾ ਫੈਸਲਾ ਸੁਣਾਉਣ ਲਈ 22 ਜਨਵਰੀ ਦੀ ਤਰੀਕ ਰੱਖੀ ਹੈ। ਇਹ ਮਾਮਲਾ ਜਨਕਪੁਰੀ ਅਤੇ ਵਿਕਾਸਪੁਰੀ ਪੁਲਿਸ ਸਟੇਸ਼ਨਾਂ ਵਿੱਚ ਦਰਜ ਐਫਆਈਆਰ ਨਾਲ ਸਬੰਧਤ ਹੈ। ਜਨਕਪੁਰੀ ਕੇਸ ਵਿੱਚ 1 ਨਵੰਬਰ, 1984 ਨੂੰ ਦੋ ਸਿੱਖਾਂ, ਸੋਹਣ ਸਿੰਘ ਅਤੇ ਉਨ੍ਹਾਂ ਦੇ ਜਵਾਈ, ਅਵਤਾਰ ਸਿੰਘ ਦੀ ਹੱਤਿਆ ਸ਼ਾਮਲ ਹੈ, ਜਦੋਂ ਕਿ ਵਿਕਾਸਪੁਰੀ ਕੇਸ ਵਿੱਚ 2 ਨਵੰਬਰ, 1984 ਨੂੰ ਗੁਰਚਰਨ ਸਿੰਘ ਨੂੰ ਜ਼ਿੰਦਾ ਸਾੜਨ ਦਾ ਮਾਮਲਾ ਸ਼ਾਮਲ ਹੈ। ਵਿਸ਼ੇਸ਼ ਜੱਜ ਦਿਗਵਿਜੇ ਸਿੰਘ ਦੀ ਅਦਾਲਤ ਨੇ ਸਰਕਾਰੀ ਵਕੀਲ ਅਤੇ ਸਰਕਾਰੀ ਵਕੀਲ ਦੀਆਂ ਅੰਤਿਮ ਦਲੀਲਾਂ ਸੁਣਨ ਤੋਂ ਬਾਅਦ ਆਪਣਾ ਫੈਸਲਾ ਰਾਖਵਾਂ ਰੱਖ ਲਿਆ। ਅਦਾਲਤੀ ਰਿਕਾਰਡਾਂ ਅਨੁਸਾਰ, ਇਸ ਸਾਲ 7 ਜੁਲਾਈ ਨੂੰ ਆਪਣੇ ਬਿਆਨ ਦੌਰਾਨ, ਸੱਜਣ ਕੁਮਾਰ ਨੇ ਸਾਰੇ ਦੋਸ਼ਾਂ ਤੋਂ ਇਨਕਾਰ ਕਰ ਦਿੱਤਾ ਸੀ । ਉਸਨੇ ਕਿਹਾ ਕਿ ਉਹ ਦੰਗਿਆਂ ਵਾਲੀ ਥਾਂ 'ਤੇ ਮੌਜੂਦ ਨਹੀਂ ਸੀ ਅਤੇ ਉਸਨੂੰ ਝੂਠਾ ਫਸਾਇਆ ਗਿਆ ਸੀ।

# ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਾਮਲੇ 'ਚ ਦਖ਼ਲਅੰਦਾਜ਼ੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ- ਐਡਵੋਕੇਟ ਧਾਮੀ



**ਨਵੀਂ ਦਿੱਲੀ, 22 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਮਾਮਲੇ ਵਿੱਚ ਪੰਜਾਬ ਸਰਕਾਰ ਵੱਲੋਂ ਸਿੱਟ ਦੀ ਘੋਸ਼ਣਾ ਕਰਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਹੈ ਕਿ ਸਰਕਾਰਾਂ ਵੱਲੋਂ ਧਰਮ ਅਤੇ ਧਾਰਮਿਕ ਸੰਸਥਾਵਾਂ ਦੇ ਅੰਦਰੂਨੀ ਪ੍ਰਬੰਧਕੀ ਮਾਮਲਿਆਂ ਵਿੱਚ ਦਖ਼ਲ ਦੇਣਾ ਨਾਂ ਸਿਰਫ਼ ਗੈਰ-ਜ਼ਰੂਰੀ ਹੈ, ਸਗੋਂ ਸਿੱਖ ਰਵਾਇਤਾਂ ਦੇ ਖ਼ਿਲਾਫ਼ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵੀ ਸਿੱਧੀ ਚੁਣੌਤੀ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਮਾਮਲਿਆਂ ਨੂੰ ਸਿਆਸੀ ਲਾਹੇ ਲਈ ਉਛਾਲਣਾ ਕਿਸੇ ਵੀ ਤਰ੍ਹਾਂ ਕਬੂਲਯੋਗ ਨਹੀਂ।

ਐਡਵੋਕੇਟ ਧਾਮੀ ਨੇ ਸਪੱਸ਼ਟ ਕੀਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਇਸ ਮਾਮਲੇ 'ਤੇ ਪਹਿਲਾਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਂਚ ਕਮੇਟੀ ਗਠਿਤ ਕੀਤੀ ਗਈ ਸੀ, ਜਿਸ ਨੇ ਪੂਰੀ ਗੰਭੀਰਤਾ ਅਤੇ ਜ਼ਿੰਮੇਵਾਰੀ ਨਾਲ ਪੜਤਾਲ ਕੀਤੀ। ਇਸ ਪੜਤਾਲ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਜਾਰੀ ਹੁਕਮਾਂ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਦੋਸ਼ੀ ਕਰਮਚਾਰੀਆਂ ਖ਼ਿਲਾਫ਼ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਚੁੱਕੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਮਾਮਲੇ ਵਿੱਚ ਕਿਸੇ ਨਾਲ ਵੀ ਰਿਆਇਤ ਨਹੀਂ ਵਰਤੀ ਗਈ ਅਤੇ ਜਾਂਚ ਦੌਰਾਨ ਉਠਾਏ ਗਏ ਸਾਰੇ ਨੁਕਤਿਆਂ ਨੂੰ ਧਿਆਨ ਵਿੱਚ ਰੱਖਦਿਆਂ ਹੀ ਕਾਰਵਾਈ ਕੀਤੀ ਗਈ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਾਂਚ ਕਮੇਟੀ ਦੀ ਰਿਪੋਰਟ ਵਿੱਚ ਇਹ ਗੱਲ ਸਪੱਸ਼ਟ ਹੋ ਚੁੱਕੀ ਹੈ ਕਿ ਇਹ ਮਾਮਲਾ ਕੁਝ ਕਰਮਚਾਰੀਆਂ ਵੱਲੋਂ ਕੀਤੀ ਗਈ ਪੈਸਿਆਂ ਦੀ ਹੇਰਾਫੇਰੀ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸਨੂੰ ਜਾਣਬੁੱਝ ਕੇ ਸਿਆਸੀ ਰੰਗ ਦੇਣਾ ਸਿੱਖ ਭਾਵਨਾਵਾਂ ਨਾਲ ਖੇਡਣ ਦੇ ਬਰਾਬਰ ਹੈ, ਜੋ ਕਿਸੇ ਵੀ ਤਰ੍ਹਾਂ ਠੀਕ ਨਹੀਂ। ਅਜਿਹਾ ਕਰਕੇ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਨੂੰ ਚੁਣੌਤੀ ਦੇ ਰਹੀ ਹੈ। ਐਡਵੋਕੇਟ ਧਾਮੀ ਨੇ ਦੋਸ਼ ਲਗਾਇਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਲਈ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾ ਰਹੀ ਹੈ, ਜੋ ਸੂਬੇ ਦੀ ਸ਼ਾਂਤੀ ਅਤੇ ਭਲਾਈ ਲਈ ਠੀਕ ਨਹੀਂ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦਾ ਸਰਬਉੱਚ ਧਾਰਮਿਕ ਅਸਥਾਨ ਹੈ ਜਿਸ ਦੇ ਫ਼ੈਸਲੇ ਸਿੱਖਾਂ ਲਈ ਅਖੀਰੀ ਅਤੇ ਸਰਵੋਤਮ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਜਦੋਂ ਦੋਸ਼ੀ ਕਰਮਚਾਰੀਆਂ ਖ਼ਿਲਾਫ਼ ਕਾਰਵਾਈ ਹੋ ਚੁੱਕੀ ਹੈ ਤਾਂ ਇਸ ਮਾਮਲੇ 'ਤੇ ਮੁੜ ਮੁੜ ਸਿਆਸਤ ਕਰਨਾ ਕੌਮੀ ਤੌਰ 'ਤੇ ਗੰਭੀਰ ਅਪਰਾਧ ਦੇ ਸਮਾਨ ਹੈ।

ਉਨ੍ਹਾਂ ਸਰਕਾਰ ਨੂੰ ਸਲਾਹ ਦਿੰਦਿਆਂ ਕਿਹਾ ਕਿ ਸਿੱਖ ਭਾਵਨਾਵਾਂ ਨਾਲ ਜੁੜੇ ਮਾਮਲਿਆਂ 'ਚ ਫ਼ੈਸਲੇ ਕਰਨ ਤੋਂ ਪਰਹੇਜ਼ ਕੀਤਾ ਜਾਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਦੁਹਰਾਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਕੌਮ ਦੀ ਚੁਣੀ ਹੋਈ ਸਿਰਮੌਰ ਸੰਸਥਾ ਹੈ ਅਤੇ ਇਸ ਦੇ ਅਧਿਕਾਰ ਖੇਤਰ ਵਿੱਚ ਕਿਸੇ ਵੀ ਤਰ੍ਹਾਂ ਦਾ ਦਖ਼ਲ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ।

ਸ਼ਹੀਦੀ ਹ.ਫਤਾ ਵਿਸ਼ੇਸ਼

# ਭਾਈ ਸੰਗਤ ਸਿੰਘ ਜੀ

ਪੋਹ ਦੇ ਮਹੀਨੇ ਗੁਰੂ ਜੀ ਨੂੰ ਸ੍ਰੀ ਅਨੰਦਪੁਰ ਸਾਹਿਬ ਛੱਡਣਾ ਪਿਆ। ਪੋਹ ਦਾ ਮਹੀਨਾ ਸ਼ਹੀਦੀਆਂ ਦਾ ਮਹੀਨਾ ਹੈ। ਇਸ ਮਹੀਨੇ ਗੁਰੂ ਜੀ ਦਾ ਪ੍ਰੀਵਾਰ ਵਿੱਛੜ ਗਿਆ। ਸਿੱਖ ਵਿੱਛੜ ਗਏ ਛੋਟੇ ਸਾਹਿਬਜ਼ਾਦੇ ਤੇ ਮਾਤਾ ਗੁਜਰੀ ਜੀ ਸਰਹੰਦ ਵਿੱਚ ਸ਼ਹੀਦ ਹੋ ਗਏ। ਗੁਰੂ ਜੀ ਨੇ ਵੱਡੇ ਸਾਹਿਬਜ਼ਾਦਿਆਂ ਅਤੇ ਚਾਲੀ ਸਿੰਘਾਂ ਸਮੇਤ ਚਮਕੌਰ ਦੀ ਗੜ੍ਹੀ ਵਿੱਚੋਂ ਦਸ ਲੱਖ ਫੌਜ ਦਾ ਮੁਕਾਬਲਾ ਕੀਤਾ।ਵੱਡੇ ਸਾਹਿਬਜ਼ਾਦੇ ਤੇ ਤੀਹ ਦੇ ਕਰੀਬ ਸਿੱਖ ਸ਼ਹੀਦ ਹੋ ਚੁੱਕੇ ਸਨ। ਬਾਕੀ ਬਚੇ ਹੋਏ ਸਿੰਘਾਂ ਵਿੱਚ ਭਾਈ ਦਇਆ ਸਿੰਘ ਜੀ, ਭਾਈ ਧਰਮ ਸਿੰਘ ਜੀ, ਭਾਈ ਮਾਨ ਸਿੰਘ ਜੀ, ਭਾਈ ਸੰਤ ਸਿੰਘ ਜੀ, ਭਾਈ ਸੰਗਤ ਸਿੰਘ ਜੀ ਸਨ।ਇੰਨ੍ਹਾਂ ਪੰਜਾਂ ਸਿੰਘਾਂ ਨੇ ਗੁਰੂ ਜੀ ਨੂੰ ਗੜ੍ਹੀ ਛੱਡਣ ਦਾ ਹੁਕਮ ਸੁਣਾਇਆਂ। ਗੁਰੂ ਜੀ ਪੰਜਾਂ ਪਿਆਰਿਆਂ ਦਾ ਹੁਕਮ ਮੰਨ ਕੇ ਗੜ੍ਹੀ ਛੱਡਣ ਲਈ ਤਿਆਰ ਹੋ ਗਏ।

ਇੰਨ੍ਹਾਂ ਵਿੱਚੋਂ ਭਾਈ ਸੰਗਤ ਸਿੰਘ ਜੀ ਦਾ ਜਨਮ ਕਈ ਵਿਦਵਾਨ ਪਟਨਾ ਸਾਹਿਬ ਦਾ ਤੇ ਕਈ ਵਿਦਵਾਨ ਪਿੰਡ ਖੇੜੀ ਕਪੂਰਥਲਾ ਸੰਨ 1667 ਦਾ ਲਿੱਖਦੇ ਹਨ।ਭਾਈ ਸੰਗਤ ਸਿੰਘ ਦਾ ਬਚਪਨ ਗੁਰੂ ਜੀ ਨਾਲ ਬੀਤਿਆ। ਸ਼ਸਤਰ ਵਿਦਿਆਂ ਪ੍ਰਾਪਤ ਕੀਤੀ।ਗੁਰੂ ਜੀ ਨਾਲ ਕਈ ਜੰਗਾਂ ਵਿੱਚ ਹਿੱਸਾ ਲਿਆ।ਬਾਬਾ ਅਜੀਤ ਸਿੰਘ ਜੀ ਨਾਲ ਪੰਡਤਾਣੀ ਨੂੰ ਛਡਾਉਣ ਵੀ ਗਏ ਸਨ। ਇੰਨ੍ਹਾਂ ਦਾ ਚਿਹਰਾ ਮੁਹਰਾ ਗੁਰੂ ਜੀ ਨਾਲ ਕਾਫੀ ਮੇਲ ਖਾਂਦਾ ਸੀ। ਗੁਰੂ ਗੋਬਿੰਦ ਸਿੰਘ ਜੀ ਭਾਈ ਸੰਗਤ ਸਿੰਘ ਤੇ ਬਹੁਤ ਇਤਬਾਰ ਕਰਦੇ ਸਨ। ਗਿਆਨੀ ਗਿਆਨ ਸਿੰਘ ਤਵਾਰੀਖ ਗੁਰੂ ਖਾਲਸਾ ਵਿੱਚ ਲਿੱਖਦੇ ਹਨ ਕਿ ਚਮਕੌਰ ਦੀ ਗੜ੍ਹੀ ਵਿੱਚ ਪੰਜਾਂ ਸਿੰਘਾਂ ਦੇ ਬਹੁਤ ਹੱਠ ਕਰਨ ਤੇ ਗੁਰੂ ਜੀ ਨੇ ਭਾਈ ਸੰਗਤ ਸਿੰਘ ਜੀ ਨੂੰ ( ਜੋ ਐਨ ਹੂ-ਬ-ਹੂ ਗੁਰੂ ਕੇ ਸਰੂਪ ਸਮ ਸਰੂਪ ਵਾਲਾ ਸੀ) ਆਪਣੀ ਜਗ੍ਹਾ ਬੈਠਾ ਕੇ ਆਪਣਾ ਸਾਰਾ ਪੁਸ਼ਾਕਾ ਜਿਗ੍ਹਾ ਸਮੇਤ ਪਹਿਨਾ ਦਿੱਤਾ, ਅਤੇ ਅਰਦਾਸਾ ਸੋਧ ਕੇ ਏਹ ਬਚਨ ਕੀਤਾ " ਗੁਰੂ ਖਾਲਸਾ, ਖਾਲਸਾ ਗੁਰੂ " ਭਾਈ ਸਿੱਖੋ ! ਅੱਜ ਤੋਂ ਮੈਂ ਖਾਲਸੇ ਨੂੰ ਗੁਰਿਆਈ ਦੀ ਪਦਵੀ ਦਿੱਤੀ, ਮੈਨੂੰ ਪੰਜਾਂ ਵਿੱਚ ਪ੍ਰਤੱਖ ਸਮਝੋ, ਪੰਜਾਂ ਸਿੰਘਾਂ ਦਾ ਨਾਮ ਗੁਰੂ ਖਾਲਸਾ ਹੈ। ਆਦਿ ਗੁਰੂ ਗ੍ਰੰਥ ਜੀ।

**ਪੰਚ ਪਰਵਾਨ ਪੰਚ ਪਰਧਾਨ ।।**
**ਪੰਚੇ ਪਾਵਹਿ ਦਰਗਹ ਮਾਨ ।।**

ਪੰਜਾਂ ਤੋਂ ਘੱਟ ਨਾ ਹੋਣ ਵੱਧ ਭਾਵੇਂ ਹੋਣ। ਪੰਜ ਸਿੰਘ ਪੀਰਾਂ ਦੇ ਪੀਰ ਗੁਰੂਆਂ ਸਿਰ ਗੁਰੂ ਹੁੰਦੇ ਹਨ, ਏਸੇ ਲਈ ਅਸਾਂ ਪੰਜਾਂ ਨੂੰ ਅੰਮ੍ਰਿਤ ਛਕਾ ਕੇ ਆਪਣੇ ਨਾਲ ਅਭੇਦ ਕੀਤਾ ਹੈ। ਪੰਜ ਸਿੰਘ ਮਿਲ ਕੇ ਸ਼ੁੱਧ ਮਨ ਨਾਲ ਅਰਦਾਸਾ ਸੋਧ ਕੇ ਜੇਹਾ ਕਾਰਜ ਕਰਨਾ ਚਾਹੁੰਣਗੇ, ਉਹੋ ਸਿੱਧ ਹੋ ਜਾਇਆ ਕਰੇਗਾ। ਗੁਰੂ ਜੀ ਨੇ ਭਾਈ ਸੰਗਤ ਸਿੰਘ ਤੇ ਭਾਈ ਸੰਤ ਸਿੰਘ ਨੂੰ ਆਪਣੇ ਧਨੁੱਖ , ਤੀਰ (ਜੋ ਕਈ ਸੌ ਸੀ) ਸੌਂਪ ਕੇ ਹੁਕਮ ਕੀਤਾ ਕਿ ਤੁਸੀ ਏਥੇ ਬੈਠ ਕੇ ਇਹ ਤੀਰ ਚੁਫੇਰੇ ਹੌਲੀ-ਹੌਲੀ ਇਹ ਤੀਰ ਛੱਡਦੇ ਰਹਿਣਾ।

ਇੰਨ੍ਹਾਂ ਨਾਲ ਭਾਈ ਰਾਮ ਸਿੰਘ, ਭਾਈ ਕੇਹਰ ਸਿੰਘ, ਭਾਈ ਸੰਤੋਖ ਸਿੰਘ, ਭਾਈ ਦੇਵਾ ਸਿੰਘ ਚਾਰੋਂ ਬੁਰਜਾਂ ਵਿੱਚ ਬੈਠ ਕੇ ਬੰਦੂਕਾਂ ਚਲਾਉਂਦੇ ਰਹੇ।ਭਾਈ ਕਾਠਾ ਸਿੰਘ ਦੀ ਡਿਊਟੀ ਨਗਾਰਾ ਵਜਾਉਣ ਦੀ ਸੀ। ਗੁਰੂ ਜੀ ਕੁੱਝ ਸਿੰਘਾਂ ਸਮੇਤ ਰਾਤ ਸਮੇਂ ਗੜ੍ਹੀ ਵਿੱਚੋਂ ਤਾੜੀ ਮਾਰ ਕੇ ਬਾਹਰ ਨਿਕਲੇ ਤੇ ਗੁਰੂ ਜੀ ਨੇ ਉੱਚੀ ਉੱਚੀ ਕਿਹਾ: 'ਪੀਰੇ ਹਿੰਦ ਮੇ ਰਵਦ' ਹਿੰਦ ਦਾ ਪੀਰ, ਸਿੱਖਾਂ ਦਾ ਗੁਰੂ ਜਾ ਰਿਹਾ ਜੇ। 9 ਪੋਹ ਦੀ ਸਵੇਰ ਨੂੰ ਵੈਰੀ ਦਲ ਨੇ ਗੜ੍ਹੀ ਉੱਤੇ ਮਾਰੋ ਮਾਰ ਕਰਕੇ ਪੂਰੇ ਜ਼ੋਰ ਨਾਲ ਹਮਲਾ ਕਰ ਦਿੱਤਾ।



ਭਾਈ ਸੰਗਤ ਸਿੰਘ ਜੀ ਤੇ ਦੂਜੇ ਸਿੰਘ ਵੈਰੀਆਂ ਦਾ ਟਾਕਰਾ ਕਰਦੇ ਹੋਏ ਸ਼ਹੀਦ ਹੋ ਗਏ। ਜਦੋਂ ਅੰਦਰੋਂ ਗੋਲੀਆਂ ਅਤੇ ਨਗਾਰੇ ਦੀ ਅਵਾਜ਼ ਆਉਣੀ ਬੰਦ ਹੋ ਗਈ ਤਾਂ ਮੁਗਲ ਸੈਨਾ ਅੰਦਰ ਵੜ ਗਈ ਤੇ ਭਾਈ ਸੰਗਤ ਸਿੰਘ ਨੂੰ ਵੇਖ ਗੁਰੂ ਸਮਝ ਕੇ ਖੁਸ਼ ਹੋ ਗਏ ਕਿ ਅਸੀਂ ਗੁਰੂ ਨੂੰ ਮਾਰ ਦਿੱਤਾ ਹੈ। ਖਵਾਜਾ ਮਰਦੂਦ ਨੇ ਸੂਬਾ ਸਰਹੰਦ ਨੂੰ ਹੁਕਮ ਕੀਤਾ ਕਿ ਕਿਸੇ ਜਾਣਕਾਰ ਆਦਮੀ ਤੋਂ ਸ਼ਨਾਖਤ ਕਰਾਉ, ਜਿਸਨੇ ਗੁਰੂ ਨੂੰ ਚੰਗੀ ਤਰ੍ਹਾਂ ਦੇਖਿਆ ਹੋਵੇ। ਜਦੋਂ ਜਾਂਚ ਪੜਤਾਲ ਕੀਤੀ ਗਈ ਤਾਂ ਸੱਚ ਸਾਹਮਣੇ ਆਇਆ ਕਿ ਇਹ ਗੁਰੂ ਗੋਬਿੰਦ ਸਿੰਘ ਨਹੀ, ਸਗੋਂ ਉਹਨਾਂ ਦੇ ਸਿੱਖ ਹਨ। ਫਿਰ ਉਹਨਾਂ ਨੇ ਸਾਰੇ ਸਿੱਖਾਂ ਦੇ ਸਰੀਰ ਇੱਕਠੇ ਕਰਕੇ ਇੱਕ-ਇੱਕ ਦੀ ਸ਼ਨਾਖਤ ਕਰਵਾਈ ਤੇ ਯਕੀਨ ਹੋ ਗਿਆ ਕਿ ਗੁਰੂ ਗੋਬਿੰਦ ਸਿੰਘ ਜੀ ਗੜ੍ਹੀ ਵਿੱਚੋਂ ਬਚ ਕੇ ਨਿਕਲ ਗਏ ਹਨ। ਭਾਈ ਸੰਗਤ ਸਿੰਘ ਜੀ ਤੇ ਦੂਜੇ ਸਿੰਘਾਂ ਨੇ ਗੁਰੂ ਬਚਨਾਂ ਤੇ ਫੁੱਲ ਚੜਾਏ। ਧਰਮ ਯੁੱਧ ਕਰਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ। ਆਉ ਇੰਨ੍ਹਾਂ ਸ਼ਹੀਦ ਸਿੰਘਾਂ ਦੇ ਸ਼ਹੀਦੀ ਦਿਹਾੜੇ ਮਨਾ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

ਆਵਾਜ਼ਿ ਕੌਮ AWAZE QAUM International Newspaper & WEB TV

# ਸਾਹਿਬਜ਼ਾਦਿਆਂ ਦੀ ਅਮਰ ਬਹਾਦਰੀ: ਮਨੁੱਖਤਾ ਲਈ ਬੇਮਿਸਾਲ ਕੁਰਬਾਨੀਆਂ





**ਭਾਰਤ** ਦੀ ਧਰਤੀ ਬਹਾਦਰ ਵੀਰ ਯੋਧਿਆਂ ਨਾਲ ਭਰੀ ਪਈ ਹੈ, ਅਤੇ ਖ਼ਾਸ ਕਰਕੇ ਪੰਜਾਬ ਦੀ ਮਿੱਟੀ ਨੇ ਹਮੇਸ਼ਾ ਅਜਿਹੇ ਮਹਾਂਵੀਰਾਂ ਨੂੰ ਜਨਮ ਦਿੱਤੇ ਹਨ ਜਿਨ੍ਹਾਂ ਨੇ ਦੇਸ਼ ਅਤੇ ਮਨੁੱਖਤਾ ਲਈ ਆਪਣੇ ਪ੍ਰਾਣ ਦੀ ਕੁਰਬਾਨੀ ਦਿੱਤੀ। ਇਤਿਹਾਸ ਗਵਾਹ ਹੈ ਕਿ ਜਦੋਂ ਵੀ ਕੌਮ ਨੂੰ ਕੁਰਬਾਨੀ ਦੀ ਲੋੜ ਪਈ, ਪੰਜਾਬੀਆਂ ਨੇ ਸਭ ਤੋਂ ਅੱਗੇ ਰਹਿ ਕੇ ਆਪਣੀ ਭੂਮਿਕਾ ਨਿਭਾਈ ਹੈ। ਇਹ ਮਿਸਾਲਾਂ ਅੱਜ ਵੀ ਹਰ ਮਨ ਵਿੱਚ ਸਦਾ ਲਈ ਵੱਸਦੀਆਂ ਹਨ।

ਇਨ੍ਹਾਂ ਵਿਚੋਂ ਸਭ ਤੋਂ ਵੱਡੀ ਮਿਸਾਲ ਹੈ ਦਸਮ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਹਨਾਂ ਦੇ ਚਾਰ ਬਹਾਦਰ ਪੁੱਤਰ — ਚਾਰ ਸਾਹਿਬਜ਼ਾਦੇ।ਇਹ ਉਹ ਪਰਿਵਾਰ ਸੀ ਜਿਸ ਨੇ ਸਿਰਫ ਧਾਰਮਿਕ ਨਹੀਂ, ਸਗੋਂ ਪੂਰੀ ਮਨੁੱਖਤਾ ਲਈ ਮਾਰਗ ਦਰਸ਼ਨ ਬਣ ਕੇ ਕੁਰਬਾਨੀਆਂ ਦਿੱਤੀਆਂ।ਉਹਨਾਂ ਨੇ ਸਾਰੀ ਦੁਨੀਆ ਨੂੰ ਇਹ ਸਿਖਾਉਣ ਦਾ ਯਤਨ ਕੀਤਾ ਕਿ ਜੇਕਰ ਜ਼ੁਲਮ ਕਰਨਾ ਪਾਪ ਹੈ ਤਾਂ ਜ਼ੁਲਮ ਸਹਿਣਾ ਉਸ ਤੋਂ ਵੀ ਵੱਡਾ ਪਾਪ ਹੈ।

**ਵੱਡੇ ਸਾਹਿਬਜ਼ਾਦੇ : ਜੰਗ ਦੇ ਮੈਦਾਨ ਵਿੱਚ ਬਲਿਦਾਨ** :-ਵੱਡੇ ਸਾਹਿਬਜ਼ਾਦੇ ਅਜੀਤ ਸਿੰਘ ਜੀ ਅਤੇ ਜੁਝਾਰ ਸਿੰਘ ਜੀ ਦਸਵੇਂ ਪਾਤਿਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦੋ ਵੱਡੇ ਪੁੱਤਰ ਸਨ। ਇਹ ਦੋਵੇਂ ਬਹਾਦਰ ਬੱਚਿਆਂ ਦੀ ਤਰ੍ਹਾਂ ਹੀ ਧਰਮ ਅਤੇ ਸੱਚ ਲਈ ਸਦਾ ਤਿਆਰ ਸਨ। 1699 ਵਿੱਚ ਖਾਲਸਾ ਪੰਥ ਦੀ ਸਥਾਪਨਾ ਤੋਂ ਬਾਅਦ, ਉਹ ਗੁਰੂ ਜੀ ਦੇ ਨਾਲ ਹਰ ਜੰਗ ਅਤੇ ਸੰਘਰਸ਼ ਵਿੱਚ ਹਿੱਸਾ ਲੈਂਦੇ ਰਹੇ।

1704 ਵਿੱਚ ਮੁਗਲਾਂ ਅਤੇ ਸਿੱਖਾਂ ਦੀ ਚਮਕੌਰ ਦੀ ਗੜ੍ਹੀ ਵਿੱਚ ਹੋਈ ਲੜਾਈ ਦੌਰਾਨ ਵੱਡੇ ਸਾਹਿਬਜ਼ਾਦਿਆਂ ਨੇ ਗੁਰੂ ਜੀ ਦਾ ਸਾਥ ਦਿੱਤਾ ਅਤੇ ਬਹੁਤ ਬਹਾਦਰੀ ਨਾਲ ਮੁਗਲ ਫੌਜ ਦਾ ਸਾਹਮਣਾ ਕੀਤਾ। ਵੱਡੇ ਸਾਹਿਬਜ਼ਾਦੇ ਅਜੀਤ ਸਿੰਘ ਅਤੇ ਜੁਝਾਰ ਸਿੰਘ ਨੇ ਬਹੁਤ ਹੀ ਨਿਡਰਤਾ ਨਾਲ ਜੰਗ ਕੀਤੀ, ਜਿੱਥੇ ਉਹ ਸ਼ਹਾਦਤ ਨੂੰ ਪ੍ਰਾਪਤ ਹੋਏ। ਉਨ੍ਹਾਂ ਦੀ ਸ਼ਹਾਦਤ ਨੇ ਸਿੱਖ ਸਿਪਾਹੀਆਂ ਲਈ ਪ੍ਰੇਰਣਾ ਦਾ ਸੂਤਰ ਬਣਾਇਆ ਅਤੇ ਸਿੱਖ ਕੌਮ ਵਿੱਚ ਅਟੁੱਟ ਹੌਂਸਲੇ ਦੀ ਮਿਸਾਲ ਛੱਡੀ।

**ਛੋਟੇ ਸਾਹਿਬਜ਼ਾਦਿਆਂ ਦੀ ਸੱਚੀ ਸਹਾਦਤ** :-ਸਾਹਿਬਜ਼ਾਦਾ ਜੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਿਹ ਸਿੰਘ, ਦਸਵੇਂ ਪਾਤਿਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦੋ ਛੋਟੇ ਪੁੱਤਰ ਸਨ। ਸਾਲ 1704 ਵਿੱਚ ਜਦੋਂ ਅਨੰਦਪੁਰ ਸਾਹਿਬ ਦੇ ਕਿਲੇ ਦੀ ਘੇਰੇਬੰਦੀ ਕਾਰਨ ਬਾਹਰ ਨਿਕਲਣਾ ਪਿਆ, ਤਾਂ ਰਸਤੇ ਵਿੱਚ ਸਰਸਾ ਨਦੀ ਤੇ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰੀ ਜੀ ਗੁਰੂ ਸਾਹਿਬ ਅਤੇ ਦੂਜੇ ਪਰਿਵਾਰ ਨਾਲੋਂ ਵੱਖ ਹੋ ਗਏ। ਗੰਗੂ ਰਸੋਈਏ ਦੇ ਵਿਸ਼ਵਾਸਘਾਤ ਨਾਲ ਮੁਗਲ ਹਕੂਮਤ ਦੇ ਸਰਹਿੰਦ ਗਵਰਨਰ ਵਜ਼ੀਰ ਖ਼ਾਨ ਦੇ ਲੋਕਾਂ ਨੇ ਉਹਨਾਂ ਨੂੰ ਫੜ ਲਿਆ। ਉਨ੍ਹਾਂ ਨੂੰ ਸਰਹਿੰਦ ਦੇ ਕਿਲ੍ਹੇ ਦੇ ਠੰਢੇ ਬੁਰਜ ਵਿੱਚ ਕੈਦ ਕੀਤਾ ਗਿਆ, ਜਿੱਥੇ ਹੱਡ ਚੀਰਵੀਂ ਠੰਢ, ਭੁੱਖ ਅਤੇ ਤਨਹਾਈ ਦੇ ਬਾਵਜੂਦ ਉਹ ਸਹਿਮੇ ਨਹੀਂ — ਉਹਨਾਂ ਦਾ ਹੌਂਸਲਾ ਅਡੋਲ ਰਿਹਾ।

ਜਦ ਉਹਨਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਤਾਂ ਦਬਾਅ, ਡਰ ਅਤੇ ਲਾਲਚ ਦੇ ਨਾਲ ਕਿਹਾ ਗਿਆ ਕਿ ਆਪਣੇ ਧਰਮ ਨੂੰ ਛੱਡ ਕੇ ਇਸਲਾਮ ਕਬੂਲ ਕਰ ਲਓ, ਬਦਲੇ ਵਿੱਚ ਰਾਜ, ਦੌਲਤ ਅਤੇ ਆਰਾਮ ਦਿੱਤਾ ਜਾਵੇਗਾ।ਪਰ ਦੋਵੇਂ ਸਾਹਿਬਜ਼ਾਦਿਆਂ ਨੇ ਬੇਹੱਦ ਨਿਡਰਤਾ ਨਾਲ ਇਨਕਾਰ ਕੀਤਾ ਅਤੇ ਕਿਹਾ ਕਿ ਅਸੀਂ ਆਪਣਾ ਧਰਮ ਕਿਸੇ ਵੀ ਕੀਮਤ 'ਤੇ ਨਹੀਂ ਛੱਡਾਂਗੇ। ਭਰੀ ਸਭਾ ਵਿਚ ਉਹਨਾਂ ਨੇ ਵਜੀਰ ਖਾਨ ਦੀ ਹਉਮੈ ਨੂੰ ਲਲਕਾਰਿਆ। ਇਸ ਦੇ ਬਾਅਦ ਉਹਨਾਂ ਨੂੰ ਸਜ਼ਾ ਦੇ ਤੌਰ 'ਤੇ ਕੰਧ ਵਿੱਚ ਜਿਉਂਦਾ ਚਿਣ ਦਿੱਤਾ ਗਿਆ, ਅਤੇ 27 ਦਸੰਬਰ 1704(12 ਪੋਹ ਸੰਮਤ 1761) ਨੂੰ ਉਹਨਾਂ ਨੇ ਸਹਾਦਤ ਪ੍ਰਾਪਤ ਕੀਤੀ। ਜਿਵੇਂ ਹੀ ਮਾਤਾ ਗੁਜ਼ਰੀ ਨੂੰ ਉਹਨਾਂ ਦੀ ਸ਼ਹਾਦਤ ਦਾ ਪਤਾ ਲੱਗਿਆ ਤਾਂ ਉਹਨਾਂ ਨੇ ਵੀ ਆਪਣੇ ਸਵਾਸ ਤਿਆਗ ਦਿੱਤੇ। ਜਿੱਥੇ ਇਹ ਸਾਹਿਬਜ਼ਾਦਿਆਂ ਦੀ ਸਹਾਦਤ ਹੋਈ, ਅੱਜ ਉੱਥੇ ਗੁਰਦੁਆਰਾ ਫਤਹਿਗੜ੍ਹ ਸਾਹਿਬ ਸਥਾਪਤ ਹੈ।

ਸਿਰਫ਼ 9 ਸਾਲ ਦੇ ਜੋਰਾਵਰ ਸਿੰਘ ਅਤੇ 6 ਸਾਲ ਦੇ ਫਤਿਹ ਸਿੰਘ ਨੇ ਦੁਨੀਆਂ ਨੂੰ ਇਹ ਸਿਖਾਇਆ ਕਿ ਅਸਲ ਬਹਾਦਰੀ ਉਮਰ ਨਾਲ ਨਹੀਂ, ਸਿਦਕ, ਸੱਚਾਈ ਅਤੇ ਧਰਮ ਨਾਲ ਹੁੰਦੀ ਹੈ। ਉਹਨਾਂ ਦੀ ਸਹਾਦਤ ਸਿੱਖ ਕੌਮ ਲਈ ਹੀ ਨਹੀਂ, ਸਾਰੀ ਮਨੁੱਖਤਾ ਲਈ ਪ੍ਰੇਰਣਾ ਹੈ, ਜੋ ਦੱਸਦੀ ਹੈ ਕਿ ਸੱਚ ਲਈ ਲੜਨ ਵਾਲੇ ਕਦੇ ਹਾਰਦੇ ਨਹੀਂ, ਉਹ ਇਤਿਹਾਸ ਦੇ ਹਿਰਦੇ 'ਤੇ ਸਦਾ ਲਈ ਜ਼ਿੰਦਾ ਰਹਿੰਦੇ ਹਨ। ਸਾਹਿਬਜ਼ਾਦਿਆਂ ਦੀ ਸ਼ਹਾਦਤ ਨੇ ਮੁਗਲ ਸਾਮਰਾਜ ਦੀਆਂ ਨੀਹਾਂ ਨੂੰ ਹਿਲਾ ਕੇ ਰੱਖ ਦਿੱਤਾ।

**ਸਿੱਖਿਆ** :- ਸਾਹਿਬਜ਼ਾਦਿਆਂ ਦੀ ਸ਼ਹਾਦਤ ਸਿਰਫ਼ ਇੱਕ ਕੌਮ ਦੀ ਇਤਿਹਾਸਕ ਘਟਨਾ ਨਹੀਂ, ਬਲਕਿ ਪੂਰੀ ਦੁਨੀਆਂ ਲਈ ਵੱਡੀ ਸਿੱਖਿਆ ਹੈ। ਇਹ ਸਾਨੂੰ ਦੱਸਦੀ ਹੈ ਕਿ ਅਨਿਆਂ ਦੇ ਖ਼ਿਲਾਫ ਖੜ੍ਹੇ ਹੋਣਾ ਕਿੰਨਾ ਮਹੱਤਵਪੂਰਣ ਹੈ। ਉਹਨਾਂ ਦੀਆਂ ਕੁਰਬਾਨੀਆਂ ਹਮੇਸ਼ਾ ਲੋਕਾਂ ਨੂੰ ਹਿੰਮਤ, ਸੱਚਾਈ ਅਤੇ ਧਰਮ 'ਤੇ ਟਿਕੇ ਰਹਿਣ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ।

**ਸਰਬ-ਵਿਆਪਕ ਗੁਰੂ ਦੀ ਮਹਾਨਤਾ** :-"ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਸਿਰਫ਼ ਪੰਜਾਬ, ਭਾਰਤ ਜਾਂ ਧਰਤੀ ਮਾਤਾ ਦੇ ਨਹੀਂ ਸਗੋਂ ਉਹ ਤਾਂ ਸਮੂਹ ਸ੍ਰਿਸ਼ਟੀ ਦੇ ਮਾਲਕ ਅਤੇ ਸਾਰੇ ਬ੍ਰਹਮੰਡ ਦੇ ਸਰਬ-ਵਿਆਪਕ ਸਰੂਪ ਹਨ। ਮੇਰਾ ਤਾਂ ਇਹ ਵਿਸਵਾਸ ਹੈ ਕਿ ਜਿੱਥੇ ਵੀ ਜੀਵਨ ਦੀ ਰੌਸ਼ਨੀ ਹੈ, ਉਹ ਸਭ ਗੁਰੂ ਸਾਹਿਬ ਦੀ ਹੀ ਕਿਰਪਾ ਅਤੇ ਹਜ਼ੂਰੀ ਨਾਲ ਚਮਕਦੀ ਹੈ।"

**-ਪਵਨ ਕੁਮਾਰ ਅੱਤਰੀ (ਕਪੂਰਥਲਾ)**

ਆਵਾਜ਼ਿ ਕੌਮ AWAZE QAUM International Newspaper & WEB TV

### ਸੂਬੇ ਦੇ ਸਰਬਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

# ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ: ਮੁੱਖ ਮੰਤਰੀ ਭਗਵੰਤ ਸਿੰਘ ਮਾਨ





**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਜ਼ਮੀਨੀ ਪੱਧਰ ’ਤੇ ਲੋਕਾਂ ਨਾਲ ਗੱਲਬਾਤ ਦੀ ਆਪਣੀ ਮੁਹਿੰਮ ਨੂੰ ਜਾਰੀ ਰੱਖਦਿਆਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਕਿਹਾ ਕਿ ਇਸ ਕਦਮ ਦਾ ਉਦੇਸ਼ ਪਿੰਡਾਂ ਲਈ ਸ਼ਹਿਰਾਂ ਦੇ ਬਰਾਬਰ ਵਿਸ਼ਵ ਪੱਧਰੀ ਨਾਗਰਿਕ ਸਹੂਲਤਾਂ ਯਕੀਨੀ ਬਣਾਉਣਾ ਹੈ। ਤਾੜੀਆਂ ਦੀ ਗੂੰਜ ਵਿੱਚ ਲੋਕਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿੰਡਾਂ ਦਾ ਸੰਪੂਰਨ ਵਿਕਾਸ ਸਮੇਂ ਦੀ ਲੋੜ ਹੈ ਤਾਂ ਜੋ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਹੋਰ ਹੁਲਾਰਾ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਪਹਿਲਾਂ ਹੀ ਜਨਤਕ ਭਲਾਈ ਨੂੰ ਯਕੀਨੀ ਬਣਾਉਣ ਅਤੇ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਵਿਸ਼ਾਲ ਕਾਰਜ ਆਮ ਲੋਕਾਂ ਦੇ ਸਰਗਰਮ ਸਮਰਥਨ ਅਤੇ ਸਹਿਯੋਗ ਤੋਂ ਬਿਨਾਂ ਸੰਭਵ ਨਹੀਂ ਹੋ ਸਕਦਾ।

**ਸਾਰਿਆਂ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਦੇਣ ਲਈ ਮੁੱਖ ਮੰਤਰੀ ਸਿਹਤ ਯੋਜਨਾ ਜਲਦ ਲਾਗੂ ਹੋਵੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

ਲੋਕਾਂ ਨਾਲ ਭਾਵਨਾਤਮਕ ਸਾਂਝ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਅਤੇ ਉਨ੍ਹਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਰਾਜ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਨਿਯਮਤ ਤੌਰ ’ਤੇ ਨਿਗਰਾਨੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਕੰਮ ਦੀ ਗੁਣਵੱਤਾ ਵਿੱਚ ਸੁਧਾਰ ਹੋਵੇਗਾ। ਉਨ੍ਹਾਂ ਲੋਕਾਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਸੂਬਾ ਸਰਕਾਰ ਦੇ ਠੋਸ ਯਤਨਾਂ ਵਿੱਚ ਉਨ੍ਹਾਂ ਦਾ ਪੂਰਾ ਸਹਿਯੋਗ ਰਹੇ। ਉਨ੍ਹਾਂ ਕਿਹਾ ਕਿ ਸੂਬੇ ਦੀ ਵੱਡੀ ਗਿਣਤੀ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ, ਇਸ ਲਈ ਸੂਬਾ ਸਰਕਾਰ ਪਿੰਡਾਂ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਲੋਕਾਂ ਦੀ ਸਹੂਲਤ ਲਈ ਉਨ੍ਹਾਂ ਨੂੰ ਸ਼ਹਿਰਾਂ ਦੇ ਬਰਾਬਰ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਅਜਿਹੀਆਂ ਸਰਗਰਮੀਆਂ ਦਾ ਇੱਕੋ-ਇੱਕ ਉਦੇਸ਼ ਸੂਬੇ ਅਤੇ ਖਾਸ ਕਰਕੇ ਪਿੰਡਾਂ ਦੇ ਚੱਲ ਰਹੇ ਵਿਕਾਸ ਨੂੰ ਹੋਰ ਹੁਲਾਰਾ ਦੇਣ ਲਈ ਇੱਕ ਰੋਡ ਮੈਪ ਤਿਆਰ ਕਰਨਾ ਹੈ।

ਪੇਂਡੂ ਖੇਤਰਾਂ ਦੇ ਵਿਆਪਕ ਵਿਕਾਸ ’ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਇਸ ਕਾਰਜ ਨੂੰ ਪੂਰਾ ਕਰਨ ਲਈ ਪਹਿਲਾਂ ਹੀ ਕਈ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਨ੍ਹਾਂ ਨੇ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰਨ ਲਈ ਪੇਂਡੂ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਲਈ ਆਮ ਲੋਕਾਂ ਤੋਂ ਸਹਿਯੋਗ ਦੀ ਮੰਗ ਕੀਤੀ।

ਇਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕੋਲ ਪੰਜਾਬ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਕੂੜੇ ਦੇ ਢੇਰ, ਸਟਰੀਟ ਲਾਈਟਾਂ, ਸੀਵਰੇਜ ਦੀਆਂ ਸਮੱਸਿਆਵਾਂ ਨਾਲ ਸਬੰਧਤ ਜਾਂ ਹੋਰ ਸਾਰੇ ਮੁੱਦੇ ਜਲਦੀ ਹੀ ਹੱਲ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਭਰ ਵਿੱਚ ਬੇਮਿਸਾਲ ਵਿਕਾਸ ਹੋਇਆ ਹੈ ਅਤੇ ਉਨ੍ਹਾਂ ਦੀ ਸਰਕਾਰ ਨੇ ਕਦੇ ਵੀ ਫੰਡਾਂ ਦੀ ਘਾਟ ਬਾਰੇ ਕੋਈ ਸ਼ਿਕਾਇਤ ਨਹੀਂ ਕੀਤੀ। ਪਿਛਲੀਆਂ ਸਰਕਾਰਾਂ ਦੇ ਉਲਟ, ਜਿਨ੍ਹਾਂ ਨੇ ਸੂਬੇ ਨੂੰ ਕਰਜ਼ੇ ਦੇ ਮਕੜ-ਜਾਲ ਵਿੱਚ ਫਸਾਇਆ ਕੇ ਰੱਖ ਦਿੱਤਾ, ਉਨ੍ਹਾਂ ਦੀ ਸਰਕਾਰ ਕੰਮ ਦੇ ਨਾਲ-ਨਾਲ ਕਰਜ਼ੇ ਉਤਾਰਨ ‘ਚ ਵੀ ਯਕੀਨ ਰੱਖਦੀ ਹੈ।

ਇਸ ਬਾਰੇ ਵੱਖ-ਵੱਖ ਉਦਾਹਰਣਾਂ ਦਿੰਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਬਿਜਲੀ ਬੋਰਡ ਨੂੰ ਘਾਟੇ ਵਿੱਚੋਂ ਕੱਢਿਆ, ਖੰਡ ਮਿੱਲਾਂ ਦੇ, ਮਾਰਕਫੈੱਡ ਦੇ ਅਤੇ ਹੋਰ ਕਰਜ਼ੇ ਚੁਕਾਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਈ ਸਾਰੇ ਪੁਰਾਣੇ ਕਰਜ਼ਿਆਂ ਦਾ ਵੀ ਢੁਕਵਾਂ ਪ੍ਰਬੰਧਨ ਕਰ ਰਹੀ ਹੈ ਤਾਂ ਜੋ ਕਿਸੇ ਵੀ ਨਵੇਂ ਵਿਕਾਸ ਪ੍ਰੋਜੈਕਟ ਨੂੰ ਰੋਕੇ ਬਿਨਾਂ ਪੁਰਾਣੀਆਂ ਦੇਣਦਾਰੀਆਂ ਨੂੰ ਨਿਪਟਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ 58,000 ਤੋਂ ਵੱਧ ਨੌਕਰੀਆਂ ਦਿੱਤੀਆਂ ਹਨ, ਸਕੂਲਾਂ ਦੀਆਂ ਨਵੀਆਂ ਇਮਾਰਤਾਂ ਦਾ ਨਿਰਮਾਣ ਕੀਤਾ ਹੈ ਅਤੇ 43,000 ਕਿਲੋਮੀਟਰ ਸੜਕਾਂ ਬਣਾਈਆਂ ਗਈਆਂ ਹਨ, ਜੋ ਸਿਰਫ਼ ਸੂਬਾ ਸਰਕਾਰ ਵੱਲੋਂ ਖ਼ਰਚਿਆਂ ਦਾ ਵਿੱਤੀ ਸੂਝ-ਬੂਝ ਨਾਲ ਪ੍ਰਬੰਧਨ ਕਰਨ ਨਾਲ ਹੀ ਸੰਭਵ ਹੋਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਦਾ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਠੋਸ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਕਿਸੇ ਨੇ ਇਹ ਖ਼ਬਰ ਨਹੀਂ ਸੁਣੀ ਸੀ ਕਿ ਸੂਬੇ ਦੇ ਵਿਦਿਆਰਥੀ ਪਾਇਲਟ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਹੁਣ ਸੂਬਾ ਸਰਕਾਰ ਨੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿਖਲਾਈ ਦੇਣ ਦੇ ਉਦੇਸ਼ ਲਈ ਸੱਤ ਜਹਾਜ਼ ਖਰੀਦੇ ਹਨ ਤਾਂ ਜੋ ਉਹ ਉੱਚੇ ਅਹੁਦੇ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਸੁਪਨੇ ਦੇਖਣ ਦਾ ਹੱਕ ਹੈ ਨਾ ਕਿ ਸਿਰਫ਼ ਅਮੀਰ ਵਰਗ ਨੂੰ, ਇਸ ਲਈ ਸਰਕਾਰ ਵੱਲੋਂ ਸਿਰਫ਼ ਅਮੀਰਾਂ ਨੂੰ ਹੀ ਨਹੀਂ ਸਗੋਂ ਆਮ ਲੋਕਾਂ ਨੂੰ ਲਾਭ ਪ੍ਰਦਾਨ ਕੀਤੇ ਜਾ ਰਹੇ ਹਨ।

ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਮੈਂਬਰਾਂ ਨੂੰ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਚੋਣਾਂ ਸਿਰਫ਼ 10-15 ਦਿਨਾਂ ਲਈ ਹੁੰਦੀਆਂ ਹਨ ਪਰ ਇੱਕ ਵਾਰ ਚੁਣੇ ਜਾਣ ਤੋਂ ਬਾਅਦ, ਇਹ ਚੁਣੇ ਹੋਏ ਨੁਮਾਇੰਦੇ ਸਾਰਿਆਂ ਪਾਰਟੀਆਂ ਦੇ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਹਨ। ਉਨ੍ਹਾਂ ਕਿਹਾ ਕਿ ਚੁਣੇ ਹੋਏ ਮੈਂਬਰ ਉਨ੍ਹਾਂ ਲੋਕਾਂ ਦੀ ਵੀ ਨੁਮਾਇੰਦਗੀ ਕਰਦੇ ਹਨ ਜਿਹਨਾਂ ਨੇ ਉਨ੍ਹਾਂ ਨੂੰ ਵੋਟ ਨਹੀਂ ਪਾਈ, ਇਸ ਲਈ ਇਹ ਉਨ੍ਹਾਂ ਦਾ ਫਰਜ਼ ਹੈ ਕਿ ਉਹ ਮਿਸ਼ਨਰੀ ਜੋਸ਼ ਨਾਲ ਸਾਰੇ ਲੋਕਾਂ ਦੀ ਸੇਵਾ ਕਰਨ। ਉਨ੍ਹਾਂ ਕਿਹਾ ਕਿ ਸਾਰੇ ਲੋਕਾਂ ਦੀ ਭਲਾਈ ਲਈ ਕੰਮ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਪੰਜਾਬ ਨੂੰ ਹੋਰ ਬੁਲੰਦੀਆਂ ’ਤੇ ਲੈ ਜਾਇਆ ਜਾ ਸਕੇ ਅਤੇ ਹਰ ਖੇਤਰ ਵਿੱਚ ਮੋਹਰੀ ਬਣਾਇਆ ਜਾ ਸਕੇ।

ਵੱਕ ਹੋਰ ਸਵਾਲ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਦੇ ਖ਼ਤਰੇ ਨਾਲ ਨਜਿੱਠਣ ਲਈ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਗਈ ਹੈ ਜਿਸ ਕਾਰਨ ਕਈ ਸੁਧਾਰ ਕੀਤੇ ਗਏ ਹਨ। ਜਾਇਦਾਦ ਰਜਿਸਟ੍ਰੇਸ਼ਨ ਦੀ ਉਦਾਹਰਣ ਦਿੰਦਿਆਂ ਉਨ੍ਹਾਂ ਕਿਹਾ ਕਿ ਹੁਣ ਇਹ ਪ੍ਰਕਿਰਿਆ ਬਹੁਤ ਆਸਾਨ ਹੋ ਗਈ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇੰਤਕਾਲ ਜਾਂ ਡੀਡ ਵੈਰੀਫਿਕੇਸ਼ਨ ਲਈ ਦਫ਼ਤਰਾਂ ਵਿੱਚ ਨਹੀਂ ਜਾਣਾ ਪੈਂਦਾ ਕਿਉਂਕਿ ਇਹ ਸੇਵਾਵਾਂ ਹੁਣ ਆਨਲਾਈਨ ਉਪਲਬਧ ਹਨ। ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਸਿਰਫ਼ ਫੋਟੋ ਲਈ ਸਬ-ਰਜਿਸਟਰਾਰ ਦਫ਼ਤਰ ਜਾਣਾ ਪੈਂਦਾ ਹੈ ਅਤੇ 15-20 ਮਿੰਟਾਂ ਦੇ ਅੰਦਰ ਉਨ੍ਹਾਂ ਦੀ ਰਜਿਸਟ੍ਰੇਸ਼ਨ ਹੋ ਜਾਂਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹੁਣ ਕਈ ਸੇਵਾਵਾਂ ਆਨਲਾਈਨ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਜਿਸ ਨਾਲ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿੱਚ ਕਾਫ਼ੀ ਕਮੀ ਆਈ ਹੈ ਅਤੇ ਲੋਕਾਂ ਨੂੰ ਹੁਣ ਆਰ.ਟੀ.ਓ. ਦਫ਼ਤਰ ਦੇ ਚੱਕਰ ਨਹੀਂ ਲਗਾਉਣੇ ਪੈਂਦੇ ਅਤੇ ਉਹ ਆਪਣੇ ਲਾਇਸੈਂਸਾਂ ਨੂੰ ਆਨਲਾਈਨ ਰੀਨਿਊ ਜਾਂ ਅਪਗ੍ਰੇਡ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਸਰਪ੍ਰਸਤੀ ਕਾਰਨ, ਭ੍ਰਿਸ਼ਟਾਚਾਰ ਦੀਆਂ ਜੜ੍ਹਾਂ ਕਾਫ਼ੀ ਡੂੰਘੀਆਂ ਹੋ ਗਈਆਂ ਸਨ, ਪਰ ਸੂਬਾ ਸਰਕਾਰ ਵੱਲੋਂ ਇਹਨਾਂ ਜੜ੍ਹਾਂ ਨੂੰ ਪੁੱਟਣ ਲਈ ਠੋਸ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੁਝ ਵੀ ਰਾਤੋ-ਰਾਤ ਖਤਮ ਨਹੀਂ ਹੁੰਦਾ, ਪਰ ਸੂਬਾ ਸਰਕਾਰ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਲਈ ਪੂਰੀ ਕੋਸ਼ਿਸ਼ ਕਰ ਰਹੀ ਹੈ।

ਹਾਲ ਹੀ ਵਿੱਚ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਦਾ ਨਾਮ ਬਦਲਣ ਬਾਰੇ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਾਮ ਬਦਲਣ ਨਾਲ ਕੋਈ ਫ਼ਰਕ ਨਹੀਂ ਪਵੇਗਾ। ਉਨ੍ਹਾਂ ਕਿਹਾ ਕਿ ਨਾਮ ਬਦਲਣ ਨਾਲ ਗਰੀਬਾਂ ਦਾ ਪੇਟ ਨਹੀਂ ਭਰਦਾ ਪਰ ਦਿਹਾੜੀਦਾਰ ਮਜ਼ਦੂਰ ਸਿਰਫ਼ ਇਸ ਗੱਲ ਦੀ ਪਰਵਾਹ ਕਰਦੇ ਹਨ ਕਿ ਉਨ੍ਹਾਂ ਨੂੰ ਕੰਮ ਮਿਲਦਾ ਰਹੇ ਤਾਂ ਜੋ ਉਹ ਆਪਣੇ ਪਰਿਵਾਰ ਨੂੰ ਪਾਲ ਸਕਣ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਇਲਾਹਾਬਾਦ ਦਾ ਨਾਮ ਬਦਲ ਕੇ ਪ੍ਰਯਾਗਰਾਜ ਰੱਖਿਆ ਗਿਆ ਜਾਂ ਜਦੋਂ ਸਰਾਏ ਕਾਲੇ ਖਾਨ ਸਟੇਸ਼ਨ ਦਾ ਨਾਮ ਬਦਲ ਕੇ ਦੀਨ ਦਿਆਲ ਉਪਾਧਿਆਏ ਨਗਰ ਰੱਖਿਆ ਗਿਆ ਤਾਂ ਲੋਕਾਂ ਦੇ ਹਿੱਤ ਵਿੱਚ ਸ਼ਾਇਦ ਹੀ ਕੋਈ ਬਦਲਾਅ ਦੇਖਿਆ ਗਿਆ ਹੋਵੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬੇਹੱਦ ਦੁੱਖ ਦੀ ਗੱਲ ਹੈ ਕਿ ਨਾਮ ਬਦਲਣ ਤੋਂ ਬਾਅਦ ਇਨ੍ਹਾਂ ਸ਼ਹਿਰਾਂ ਵਿੱਚ ਸਫਾਈ ਸਬੰਧੀ ਕੋਈ ਸੁਧਾਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਸ਼ੁਕਰਗੁਜ਼ਾਰ ਹੋਣਾ ਚਾਹੀਦਾ ਹੈ ਕਿ ਸ਼ਹਿਰਾਂ ਦੇ ਨਾਮ ਬਦਲਣ ਵਾਲਿਆਂ ਨੇ ਅਜੇ ਤੱਕ ਦੇਸ਼ ਦਾ ਨਾਮ ਨਹੀਂ ਬਦਲਿਆ। ਕਾਂਗਰਸ ’ਤੇ ਨਿਸ਼ਾਨਾ ਬਿਨ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੀ ਸਭ ਤੋਂ ਪੁਰਾਣੀ ਪਾਰਟੀ ਦੇ ਆਗੂ ਅਜੇ ਵੀ ਨਾਵਾਂ ’ਤੇ ਬਹਿਸ ਕਰਨ ਵਿੱਚ ਹੀ ਰੁੱਝੇ ਹੋਏ ਹਨ, ਜਦੋਂ ਕਿ ਮੌਜੂਦਾ ਸਰਕਾਰ ਦਾ ਧਿਆਨ ਅਸਲ ਕੰਮਾਂ ਅਤੇ ਮੁੱਦਿਆਂ ਵੱਲ ਹੈ।

ਕੇਂਦਰ ਸਰਕਾਰ ਵੱਲੋਂ ਸੂਬੇ ਦੇ ਫੰਡ ਜਾਰੀ ਨਾ ਕਰਨ ਦੀ ਕਰੜੀ ਨਿੰਦਿਆ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਗੈਰ-ਕਾਨੂੰਨੀ ਢੰਗ ਨਾਲ ਫੰਡਾਂ ’ਤੇ ਰੋਕ ਲਗਾ ਦਿੱਤੀ ਹੈ ਜਿਸ ਨਾਲ ਸੂਬਿਆਂ ’ਤੇ ਬੇਲੋੜਾ ਬੋਝ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਗੈਰ-ਵਾਜਬ ਅਤੇ ਬੇਲੋੜਾ ਹੈ ਕਿਉਂਕਿ ਇਹ ਦੇਸ਼ ਵਿੱਚ ਸੰਘਵਾਦ ਦੀ ਮੂਲ ਭਾਵਨਾ ਦੇ ਉਲਟ ਹੈ। ਪੰਜਾਬ ਸਰਕਾਰ ਪੰਜਾਬ ਅਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਸੂਬੇ ਪ੍ਰਤੀ ਕੇਂਦਰ ਦੇ ਮਤਰੇਈ ਮਾਂ ਵਾਲੇ ਸਲੂਕ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਜਲਦ ਹੀ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਜਾ ਰਹੀ ਹੈ ਜੋ ਸੂਬੇ ਦੇ 65 ਲੱਖ ਪਰਿਵਾਰਾਂ ਲਈ ਮਿਆਰੀ ਸਿਹਤ ਸੰਭਾਲ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਲੋਕ ਸੂਬੇ ਦੇ ਸਰਕਾਰੀ ਅਤੇ ਪ੍ਰਾਇਵੇਟ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਇਲਾਜ ਪ੍ਰਾਪਤ ਕਰ ਸਕਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਜਨਤਾ ਦੀ ਭਲਾਈ ਲਈ ਅਗਲੇ ਬਜਟ ਸੈਸ਼ਨ ਵਿੱਚ ਕਈ ਹੋਰ ਲੋਕ ਪੱਖੀ ਯੋਜਨਾਵਾਂ ਪੇਸ਼ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਸ਼੍ਰੋਮਣੀ ਅਕਾਲੀ ਦਲ ਵੱਲੋਂ ਏ.ਆਈ. ਤਕਨਾਲੋਜੀ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਦੀ ਨਿੰਦਿਆ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਵੀਂ ਤਕਨਾਲੋਜੀ ਦੀ ਖਬਤ ਕਾਰਨ ਉਹ ਆਪਣੇ ਅਸਲ ਕੰਮਾਂ ਤੋਂ ਭਟਕ ਰਹੇ ਹਨ। ਉਨ੍ਹਾਂ ਕਿ ’ਆਪ’ ਦੇਸ਼ ਭਰ ਵਿੱਚ ਆਪਣੇ ਪੈਰ ਪਸਾਰ ਰਹੀ ਹੈ ਅਤੇ ਇਸ ਦੇ ਉਲਟ ਅਕਾਲੀ ਦਲ ਸੂਬੇ ਦੇ ਕੁਝ ਹਿੱਸਿਆਂ ਵਿੱਚ ਮਹਿਜ਼ ਦੋ ਜਾਂ ਤਿੰਨ ਸੀਟਾਂ ਹੀ ਪ੍ਰਾਪਤ ਕਰ ਸਕੀ ਹੈ। ਮੰਤਰੀ ਨੇ ਕਿਹਾ ਕਿ ਆਪਣੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਨੀਤੀਆਂ ਕਾਰਨ ’ਆਪ’ ਨੂੰ ਸਮਾਜ ਦੇ ਹਰ ਵਰਗ ਦਾ ਸਮਰਥਨ ਮਿਲਿਆ ਹੈ।

## ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਇਕ ਪੋਹ ਤੋਂ ਲਗਾਤਾਰ ਚਾਰ ਸਾਹਿਬਜ਼ਾਦਿਆਂ, ਮਾਤਾ ਗੁਜਰ ਕੌਰ ਅਤੇ ਚਮਕੌਰ ਦੀ ਗੜ੍ਹੀ ਵਿਚ ਸ਼ਹੀਦ ਹੋਏ ਅਨੇਕਾਂ ਸ਼ਹੀਦਾਂ ਦੀ ਯਾਦ ਸਮਾਗਮ ਚੱਲ ਰਹੇ ਹਨ

ਫ਼ਿਰੋਜ਼ਪੁਰ, 22 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਇਕ ਪੋਹ ਤੋਂ ਲਗਾਤਾਰ ਚਾਰ ਸਾਹਿਬਜ਼ਾਦਿਆਂ, ਮਾਤਾ ਗੁਜਰ ਕੌਰ ਅਤੇ ਚਮਕੌਰ ਦੀ ਗੜ੍ਹੀ ਵਿਚ ਸ਼ਹੀਦ ਹੋਏ ਅਨੇਕਾਂ ਸ਼ਹੀਦਾਂ ਦੀ ਯਾਦ ਵਿਚ ਹਰ ਰੋਜ਼ ਸਮਾਗਮ ਚੱਲ ਰਹੇ ਹਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਸੁਖਮਣੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ, ਭਾਈ ਬੱਬੂ ਸਿੰਘ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕਰਦਿਆਂ ਆਖਿਆ ਕਿ ਪੋਹ ਦਾ ਮਹੀਨਾ ਸਾਰਾ ਹੀ ਸ਼ਹੀਦੀਆਂ ਦਾ ਹੈ, ਸਾਨੂੰ ਸਾਰਾ ਪੋਹ ਦੇ ਮਹੀਨੇ ਵਿਚ ਘਰ ਵਿਚ ਕੋਈ ਸਮਾਗਮ ਨਹੀਂ ਕਰਨਾ ਚਾਹੀਦਾ ਅਤੇ ਸਾਰਾ ਪੋਹ ਦਾ ਮਹੀਨੇ ਵਿਚ ਵੱਧ ਤੋਂ ਵੱਧ ਨਾਮ ਸਿਮਰਨ ਕਰੋ ਅਤੇ ਚਾਰੇ ਸਾਹਿਬਜ਼ਾਦਿਆਂ, ਮਾਤਾ ਗੁਜਰ ਕੌਰ ਲਈ ਵੱਧ ਤੋਂ ਵੱਧ ਜਪੁਜੀ ਸਾਹਿਬ ਦਾ ਪਾਠ, ਸੁਖਮਣੀ ਸਾਹਿਬ ਦੇ ਪਾਠ ਅਤੇ ਆਪਣੇ ਘਰ ਵਿਚ ਬੱਚਿਆਂ ਨੂੰ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਅਤੇ ਅਨੇਕਾਂ ਸ਼ਹੀਦਾਂ ਬਾਰੇ ਜਾਣਕਾਰੀ ਦਿਓ। ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਿਹਾ ਕਿ 6 ਪੋਹ ਨੂੰ ਅੱਧੀ ਰਾਤ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਆਨੰਦਪੁਰ ਸਾਹਿਬ ਦਾ ਕਿਲਾ ਛੱਡਿਆ ਅਤੇ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ ਤੇ ਹਮਲਾ ਕਰ ਦਿੱਤਾ, ਪ ਗੁਰੂ ਸਾਹਿਬ ਮੂਗਲ ਫੌਜਾਂ ਨਾਲ ਲੜਨਾ ਚਾਹੁੰਦੇ ਸੀ, ਪਰ ਉਥੇ ਮੌਜੂਦਾ ਹਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ ਤਾਂ ਗੁਰੂ ਸਾਹਿਬ ਪਰਿਵਾਰ ਸਮੇਤ ਸਰਸਾ ਨਹੀਂ ਪਾਰ ਕਰਨ ਲੱਗੇ ਤਾਂ ਪਾਣੀ ਦਾ ਤੇਜ਼ ਵਹਾਅ ਇਨ੍ਹਾਂ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ, ਵਿਛੜਕਣ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ, ਉਥੇ ਮਾਤਾ ਗੁਜਰ ਕੌਰ ਅਤੇ ਦੋਵੇਂ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ ਅਤੇ ਇਸੇ ਤਰ੍ਹਾਂ ਸਤਿਕਾਰਯੋਗ ਮਾਤਾਵਾਂ ਮਾਤਾ ਸੁੰਦਰ ਕੌਰ ਜੀ ਅਤੇ ਮਾਤਾ ਸਾਹਿਬ ਕੌਰ ਜੀ ਭਾਈ ਮਨੀ ਸਿੰਘ ਜੀ ਨਾਲ ਹਰਿਦੁਆਰ ਤੋਂ ਦਿੱਲੀ ਚਲੇ ਗਏ। ਇਸੇ ਤਰ੍ਹਾਂ ਮਾਤਾ ਗੁਜਰ ਕੌਰ ਜੀ ਦੇ ਛੋਟੇ ਸਾਹਿਬਜ਼ਾਦਿਆਂ ਨੇ ਇਕ ਰਾਤ ਕੰਮੇ ਮਾਸਕੀ ਦੀ ਝੁੱਗੀ ਵਿਚ ਬਿਤਾਈ ਉਥੋਂ ਗੰਗੂ ਬ੍ਰਾਹਮਣ ਆਪਣੇ ਪਿੰਡ ਖੇੜੀ ਲੈ ਜਾਂਦਾ ਹੈ, ਇਸੇ ਤਰ੍ਹਾਂ ਗੁਰੂ ਸਾਹਿਬ ਜੀ ਦਾ ਪਰਿਵਾਰ ਵਿਛੜ ਗਿਆ। ਸੰਤ ਮਹਾਂਪੁਰਖਾਂ ਨੇ ਦੱਸਿਆ ਕਿ 7 ਪੋਹ ਨੂੰ ਅਤੇ 8 ਪੋਹ ਨੂੰ ਚਮਕੌਰ ਦਾ ਯੁੱਧ ਹੋਇਆ, ਜਿਸ ਵਿਚ ਮੁਗਲ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ—ਸਾਹਮਣੇ ਸੀ, ਅਜਿਹਾ ਕਿਹਾ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿਚ ਸੀ, ਜਦ ਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ, ਇਸ ਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਘਮਾਸਾਨ ਯੁੱਧ ਕੀਤਾ, ਯੁੱਧ ਵਿਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਨੂੰ ਕਿਹਾ ਕਿ ਉਹ ਯੁੱਧ ਵਿਚ ਜਾ ਕੇ ਕੌਮ ਲਈ ਲੜਨਾ ਚਾਹੁੰਦੇ ਹਨ, ਗੁਰੂ ਸਾਹਿਬ ਨੇ ਆਗਿਆ ਦਿੰਦੇ ਹੋਏ ਯੁੱਧ ਵਿਚ ਉਤਾਰਿਆ, ਜਿਸ ਤੋਂ ਬਾਅਦ ਇਕ—ਇਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਖੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿਚ ਸ਼ਹੀਦ ਹੁੰਦਾ ਵੇਖ ਕੇ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿਚ ਉਤਰੇ ਅਤੇ ਉਨ੍ਹਾਂ ਨੇ ਵੀ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ, ਇਹ ਪੂਰਾ ਨਜਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਹਨ, ਆਪਣੇ ਪੁੱਤਰਾਂ ਦੀ ਮੌਤ ਤੇ ਗੁਰੂ ਸਾਹਿਬ ਨੇ ਇਕ ਹੰਝੂ ਵੀ ਨਹੀਂ ਆਇਆ। ਇਸੇ ਤਰ੍ਹਾਂ ਚਮਕੌਰ ਦੇ ਯੁੱਧ ਵਿਚ ਬਹੁਤ ਸਾਰੇ ਸਿੰਘ ਸ਼ਹੀਦ ਹੋ ਗਏ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।



ਆਵਾਜ਼ਿ ਕੌਮ AWAZE QAUM International Newspaper & WEB TV

## ਨਿਊਜੀਲੈਂਡ ਵਿਖੇ ਕੀਰਤਨ ਦਰਬਾਰ ਵਿਚ ਅੜਿਕਾ ਪਾਉਣ ਦੀ ਨਿੰਦਾ—ਜਗਜੀਤ ਸਿੰਘ ਭੁੱਲਰ

ਫ਼ਿਰੋਜ਼ਪੁਰ, 22 ਦਸੰਬਰ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੋਸਾਇਟੀ ਵਲੋਂ ਨਿਊਜੀਲੈਂਡ ਵਿਖੇ ਕੀਰਤਨ ਦਰਬਾਰ ਵਿਚ ਅੜਿਕਾ ਪਾਉਣ ਦੀ ਨਿੰਦਾ ਕੀਤੀ ਗਈ। ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਭਾਈ ਮਰਦਾਨਾ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਨਿਊਜੀਲੈਂਡ ਵਿਚ ਨਗਰ ਕੀਰਤਨ ਸਰਕਾਰ ਦੀ ਇਜਾਜਤ ਨਾਲ ਕੱਢਿਆ ਜਾ ਰਿਹਾ ਸੀ ਜਿਸ ਵਿਚ ਸੰਗਤਾਂ ਗੁਰੂ ਜਸ ਗਾਇਣ ਕਰਦੇ ਹੋਏ ਜਾ ਰਹੀਆਂ ਸਨ, ਪਰ ਇਕ ਬਰਾਇਨ ਤਾਮਾਕੀ ਨਾਮ ਦਾ ਇਕ ਸਮੂੰਹ ਦਾ ਆਗੂ ਹੈ, ਪਿਛਲੇ ਕੁਝ ਸਮੇਂ ਤੋਂ ਭਾਰਤ ਵਿਰੋਧੀ ਵੀਡੀਓ ਵੀ ਪਾ ਰਿਹਾ ਹੈ ਅਤੇ ਭਾਰਤੀਆਂ ਨੂੰ ਵਾਪਸ ਜਾਣ ਲਈ ਕਹਿੰਦਾ ਹੈ। ਸਿੱਖ ਸਮੁਦਾਏ ਨੇ ਵਿਦੇਸ਼ਾਂ ਵਿਚ ਸਮਾਜ ਭਲਾਈ ਅਤੇ ਤਰਕੀ ਲਈ ਅਪਣਾ ਵੱਡਮੁਲਾ ਯੋਗਦਾਨ ਪਾਇਆ ਹੈ। ਕੋਵਿਡ ਵਿਚ ਵੀ ਸਿੱਖਾਂ ਨੇ ਨਿਊਜੀਲੈਡਂ ਸਰਕਾਰ ਦਾ ਸਾਥ ਦਿੱਤਾ, ਜਿਸ ਦੀ ਨਿਊਜੀਲੈਂਡ ਦੇ ਪ੍ਰਧਾਨ ਮੰਤਰੀ ਨੇ ਪ੍ਰਸੰਸਾ ਵੀ ਕੀਤੀ, ਨਿਊਜੀਲੈਂਡ ਸਰਕਾਰ ਨੂੰ ਇਸ ਵਿਸ਼ੇ ਤੇ ਧਿਆਨ ਦੇਣ ਦੀ ਗੰਭੀਰਤਾ ਨਾਲ ਲੋੜ ਹੈ ਤਾਂ ਜੋ ਅੱਗੇ ਤੋ ਇਸ ਤਰਾਂ ਦੀ ਘਟਨਾ ਨਾ ਹੋਵੇ। ਇਸ ਮੋਕੇ ਰਣਬੀਰ ਸਿੰਘ ਰਾਣਾ, ਪਰਮਜੀਤ ਸਿੰਘ ਔਲਖ, ਹਰਜੀਤ ਸਿੰਘ ਧਾਲੀਵਾਲ, ਦਰਸ਼ਨ ਲਾਲ ਹੀਰਾ, ਮਨੋਹਰ ਲਾਲ, ਰਾਜੇਸ਼ ਕੁਮਾਰ ਕਾਲੀ, ਇੰਦਰਪਾਲ ਸਿੰਘ, ਨਿਰਮਲ ਸਿੰਘ ਗੁਰਮੀਤ ਸਿੰਘ ਔਲਖ, ਬਲਜਿੰਦਰ ਸਿੰਘ ਬੱਬੂ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



## ਥਾਈਲੈਂਡ-ਕੰਬੋਡੀਆ ਜੰਗ ’ਚ ਦਰਜਨਾਂ ਹਲਾਕ ! ਹਵਾਈ ਹਮਲਿਆਂ ਤੇ ਤੋਪਖਾਨੇ ਦੀ ਵਰਤੋਂ ਕਾਰਨ ਦਹਿਸ਼ਤ ’ਚ ਲੋਕ

**ਬੈਂਕਾਕ/ਨੋਮ ਪੇਨ, 22 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਥਾਈਲੈਂਡ ਅਤੇ ਕੰਬੋਡੀਆ ਦੇ ਸਰਹੱਦੀ ਇਲਾਕਿਆਂ ਵਿੱਚ ਹੋਈਆਂ ਭਿਆਨਕ ਝੜਪਾਂ ਵਿੱਚ ਸੈਨਿਕਾਂ ਅਤੇ ਆਮ ਨਾਗਰਿਕਾਂ ਸਮੇਤ ਦਰਜਨਾਂ ਲੋਕਾਂ ਦੇ ਮਾਰੇ ਜਾਣ ਦੀ ਖਬਰ ਹੈ। ਅਧਿਕਾਰਤ ਅੰਕੜਿਆਂ ਅਨੁਸਾਰ, ਇਹ ਹਿੰਸਾ ਪਿਛਲੇ ਕਈ ਦਿਨਾਂ ਤੋਂ ਜਾਰੀ ਹੈ ਅਤੇ ਸੋਮਵਾਰ ਸਵੇਰੇ ਵੀ ਭਾਰੀ ਗੋਲੀਬਾਰੀ ਹੁੰਦੀ ਰਹੀ। ਥਾਈਲੈਂਡ ਦੀ ਫੌਜ ਨੇ ਐਲਾਨ ਕੀਤਾ ਹੈ ਕਿ ਇਹਨਾਂ ਝੜਪਾਂ ਵਿੱਚ 22 ਥਾਈ ਸੈਨਿਕ ਮਾਰੇ ਗਏ ਹਨ। ਇਸ ਦੇ ਨਾਲ ਹੀ ਥਾਈਲੈਂਡ ਦੇ ਸਿਹਤ ਮੰਤਰਾਲੇ ਦੇ ਅੰਕੜਿਆਂ ਮੁਤਾਬਕ 38 ਥਾਈ ਨਾਗਰਿਕਾਂ ਦੀ ਵੀ ਮੌਤ ਹੋ ਚੁੱਕੀ ਹੈ। ਦੂਜੇ ਪਾਸੇ, ਕੰਬੋਡੀਆ ਦੇ ਗ੍ਰਹਿ ਮੰਤਰਾਲੇ ਨੇ ਦੱਸਿਆ ਕਿ ਥਾਈ ਫੌਜ ਵੱਲੋਂ ਰਿਹਾਇਸ਼ੀ ਇਲਾਕਿਆਂ ਵਿੱਚ ਕੀਤੀ ਗਈ ਗੋਲੀਬਾਰੀ ਕਾਰਨ 20 ਕੰਬੋਡੀਆਈ ਨਾਗਰਿਕ ਮਾਰੇ ਗਏ ਹਨ ਅਤੇ 79 ਹੋਰ ਜ਼ਖਮੀ ਹੋਏ ਹਨ। ਕੰਬੋਡੀਆ ਦੇ ਰੱਖਿਆ ਮੰਤਰਾਲੇ ਦੇ ਬੁਲਾਰੇ ਲੈਫਟੀਨੈਂਟ ਜਨਰਲ ਮਾਲੀ ਸੋਚੀਤਾ ਨੇ ਦੋਸ਼ ਲਾਇਆ ਹੈ ਕਿ ਥਾਈ ਫੌਜ ਵੱਲੋਂ ਤੋਪਖਾਨੇ, ਟੈਂਕਾਂ, ਜ਼ਿਹਰੀਲੀ ਗੈਸ ਅਤੇ ਐਫ-16 ਲੜਾਕੂ ਜਹਾਜ਼ਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਸੋਮਵਾਰ ਸਵੇਰੇ 7 ਵਜੇ ਦੇ ਕਰੀਬ ਕੰਬੋਡੀਆ ਦੇ ਤੋਪਖਾਨੇ ਦੇ ਗੋਲੇ ਥਾਈਲੈਂਡ ਦੇ ਰਿਹਾਇਸ਼ੀ ਇਲਾਕਿਆਂ ਵਿੱਚ ਡਿੱਗੇ, ਜਿਸ ਨਾਲ ਕਈ ਘਰਾਂ ਨੂੰ ਅੱਗ ਲੱਗ ਗਈ ਅਤੇ ਸਥਾਨਕ ਲੋਕਾਂ ਵਿੱਚ ਭਾਰੀ ਦਹਿਸ਼ਤ ਫੈਲ ਗਈ। ਥਾਈਲੈਂਡ ਅਤੇ ਕੰਬੋਡੀਆ ਵਿਚਾਲੇ ਇਹ ਸਰਹੱਦੀ ਵਿਵਾਦ 7 ਦਸੰਬਰ ਤੋਂ ਮੁੜ ਸ਼ੁਰੂ ਹੋਇਆ ਹੈ। ਦੋਵੇਂ ਦੇਸ਼ ਇੱਕ-ਦੂਜੇ ’ਤੇ ਹਮਲੇ ਦੀ ਪਹਿਲ ਕਰਨ ਦੇ ਦੋਸ਼ ਲਗਾ ਰਹੇ ਹਨ। ਫਿਲਹਾਲ ਸਾ ਕੇਓ ਦੇ ਸਰਹੱਦੀ ਖੇਤਰਾਂ ਵਿੱਚ ਸਥਿਤੀ ਤਣਾਅਪੂਰਨ ਬਣੀ ਹੋਈ ਹੈ।